## ਅੱਜ ਦਾ ਸ਼ੁਭ ਵਿਚਾਰ



ਆਪਣਿਆਂ ਦੀਆਂ ਖ਼ੁਸ਼ੀਆਂ ਲਈ ਖ਼ੁੱਦ ਅੰਦਰਲਾ ਦਰਦ ਛੁੱਪਾ ਕੇ ਕੋਲੋ ਲੰਘ ਜਾਣਾ ਵਡੱਪਣ ਹੀ ਤਾਂ ਹੁੰਦੈ॥

**ਅਮਨਦੀਪ ਮਹਿਰਾ**

ਰੋਜ਼ਾਨਾ ਲੋਕ ਬਾਣੀ
www.lokbani.com


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 08 ਫਰਵਰੀ 2025

Email:- lokbani08@gmail.com



TOURIST VISA USA CANADA
SCHENGEN/ UK AUSTRALIA/ NZ
5057 VISA
ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ
easyvisa 87250 17772



R. N. I. Punpun/29016/2008 * ਸਾਲ 16 , * ਅੰਕ : 235, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111



TOURIST VISA USA CANADA
SCHENGEN/ UK AUSTRALIA/ NZ
5057 VISA
ਸਾਲ 2024 ਵਿੱਚ ਲੱਗੇ ਚੈੱਕ ਕਰੋ ਫਿਰ ਅਪਲਾਈ ਕਰੋ
easyvisa | 87250 17772


## ਮੋਦੀ ਅਗਲੇ ਹ.ਫਤੇ ਕਰਨਗੇ ਅਮਰੀਕੀ ਸਦਰ ਟਰੰਪ ਨਾਲ ਮੁਲਾਕਾਤ



ਨਵੀਂ ਦਿੱਲੀ, ਲੋਕ ਬਾਣੀ- ਪ੍ਰਧਾਨ ਮੰਤਰੀ ਨਰਿੰਦਰ ਮੋਦੀ 12 ਫਰਵਰੀ ਤੋਂ ਦੋ-ਰੋਜ਼ਾ ਸਰਕਾਰੀ ਦੌਰੇ ਉਤੇ ਅਮਰੀਕਾ ਜਾਣਗੇ। ਇਸ ਦੌਰਾਨ ਉਹ ਅਮਰੀਕਾ ਦੇ ਸਦਰ ਡੌਨਲਡ ਟਰੰਪ ਨਾਲ ਮੁਲਾਕਾਤ ਕਰਨਗੇ।ਇਹ ਜਾਣਕਾਰੀ ਸ਼ੁੱਕਰਵਾਰ ਨੂੰ ਵਿਦੇਸ਼ ਮੰਤਰਾਲੇ ਨੇ ਦਿੱਤੀ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਮੋਦੀ ਦੀ ਫੇਰੀ ਭਾਰਤ ਤੇ ਅਮਰੀਕਾ ਦੇ ਦੁਵੱਲੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਇਨ੍ਹਾਂ ਨੂੰ ਨਵੀਂ ਦਿਸ਼ਾ ਦੇਵੇਗੀ। ਅਮਰੀਕਾ ਜਾਣ ਤੋਂ ਪਹਿਲਾਂ ਮੋਦੀ 10 ਤੋਂ 12 ਫਰਵਰੀ ਤੱਕ ਫਰਾਂਸ ਦੌਰੇ 'ਤੇ ਹੋਣਗੇ,

## ਆਰਬੀਆਈ ਨੇ ਪੰਜ ਸਾਲ ਬਾਅਦ ਵਿਆਜ ਦਰਾਂ ਘਟਾਈਆਂ




ਮੁੰਬਈ, ਲੋਕ ਬਾਣੀ- ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਨੇ ਸੁਸਤ ਪੈ ਰਹੇ ਅਰਥਚਾਰੇ ਨੂੰ ਹੱਲਾਸ਼ੇਰੀ ਦੇਣ ਦੇ ਮਕਸਦ ਨਾਲ ਕਰੀਬ ਪੰਜ ਸਾਲ ਮਗਰੋਂ ਅੱਜ ਰੈਪੋ ਦਰ 'ਚ 25 ਆਧਾਰੀ ਅੰਕਾਂ ਦੀ ਕਟੌਤੀ ਕੀਤੀ ਹੈ ਜਿਸ ਨਾਲ ਘਰ, ਵਾਹਨ ਅਤੇ ਹੋਰ ਕਰਜ਼ਿਆਂ 'ਤੇ ਮਾਸਿਕ ਕਿਸ਼ਤ (ਈਐੱਮਆਈ) 'ਚ ਕਮੀ ਆਉਣ ਦੀ ਸੰਭਾਵਨਾ ਹੈ। ਆਰਬੀਆਈ ਦੇ ਨਵੇਂ ਗਵਰਨਰ ਸੰਜੇ ਮਲਹੋਤਰਾ ਦੀ ਅਗਵਾਈ ਹੇਠ ਵਿਆਜ ਦਰਾਂ 'ਚ ਇਹ ਪਹਿਲੀ ਕਟੌਤੀ ਹੋਈ ਹੈ। ਮੁਦਰਾ ਨੀਤੀ ਕਮੇਟੀ (ਐੱਮਪੀਸੀ) ਵੱਲੋਂ ਸਰਬਸੰਮਤੀ ਨਾਲ ਲਏ ਫ਼ੈਸਲੇ ਮਗਰੋਂ ਰੈਪੋ ਦਰ 6.50 ਤੋਂ ਘੱਟ ਕੇ 6.25 ਫ਼ੀਸਦ ਹੋ ਗਈ ਹੈ।

## ਅਮਰੀਕਾ ਵੱਲੋਂ 487 ਹੋਰ ਭਾਰਤੀਆਂ ਦੀ ਸੂਚੀ ਤਿਆਰ



ਨਵੀਂ ਦਿੱਲੀ, ਲੋਕ ਬਾਣੀ- -ਭਾਰਤ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਸ ਨੇ ਹੱਥਕੜੀ ਲਗਾ ਕੇ ਗ਼ੈਰ-ਕਾਨੂੰਨੀ ਵਿਅਕਤੀਆਂ ਨੂੰ ਵਾਪਸ ਭੇਜੇ ਜਾਣ ਦੇ ਮੁੱਦੇ 'ਤੇ ਅਮਰੀਕਾ ਕੋਲ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਇਹ ਵੀ ਕਿ ਅਜਿਹੇ ਮਾੜੇ ਸਲੂਕ ਤੋਂ ਬਚਿਆ ਜਾ ਸਕਦਾ ਸੀ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਅਮਰੀਕੀ ਅਧਿਕਾਰੀਆਂ ਵੱਲੋਂ 487 ਭਾਰਤੀ ਨਾਗਰਿਕਾਂ ਨੂੰ ਮੁਲਕ 'ਚੋਂ ਕੱਢੇ ਜਾਣ ਸਬੰਧੀ ਸੂਚੀ ਤਿਆਰ ਕਰ ਲਈ ਹੈ ਜਿਨ੍ਹਾਂ ਵਿਚੋਂ 298 ਵਿਅਕਤੀਆਂ ਦਾ ਬਿਊਰਾ ਭਾਰਤ ਨਾਲ ਸਾਂਝਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਮਰੀਕੀ ਅਧਿਕਾਰੀਆਂ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਦੀ ਤਸਦੀਕ ਕੀਤੀ ਜਾ ਰਹੀ ਹੈ।

## ਟਰੈਕਟਰ ਤੇ ਕਾਰ ਦੀ ਸਿੱਧੀ ਟੱਕਰ ਕਾਰਨ ਬੱਸ ਕੰਡਕਟਰ ਹਲਾਕ



ਝੁਨੀਰ, ਲੋਕ ਬਾਣੀ-ਭੰਮੇ ਕਲਾਂ ਮਾਨਸਾ ਹਾਈਵੇ 'ਤੇ ਟਰੈਕਟਰ ਤੇ ਕਾਰ 'ਚ ਸਿੱਧੀ ਟੱਕਰ ਹੋ ਜਾਣ ਕਾਰਨ ਕਾਰ ਚਾਲਕ ਦੀ ਮੌਤ ਹੋ ਗਈ। ਉਸ ਦੀ ਪਛਾਣ ਗੁਰਜੀਤ ਸਿੰਘ ਪੁੱਤਰ ਬਾਬੂ ਸਿੰਘ, ਪਿੰਡ ਚਹਿਲਾਂ ਵਾਲੀ ਖਿਆਲੀ ਵਜੋਂ ਹੋਈ ਹੈ।ਗੁਰਜੀਤ ਸਿੰਘ ਆਪਣੇ ਪਿੱਛੇ ਪਤਨੀ ਬਲਜੀਤ ਕੌਰ ਅਤੇ ਪੁੱਤਰ ਫਹਿਤਵੀਰ ਸਿੰਘ (ਡੇਢ ਸਾਲ) ਨੂੰ ਛੱਡ ਗਿਆ ਹੈ। ਉਹ ਕਿੱਤੇ ਵਜੋਂ ਬੱਸ ਕੰਡਕਟਰ ਸੀ ਅਤੇ ਸ਼ਾਮ ਨੂੰ ਮਾਨਸਾ ਵੱਲ ਜਾ ਰਿਹਾ ਸੀ, ਕਿ ਇਹ ਹਾਦਸਾ ਵਾਪਰ ਗਿਆ ਮਿਲੀ ਜਾਣਕਾਰੀ ਮੁਤਾਬਕ ਜਦੋਂ ਉਸ ਦੀ ਗੱਡੀ ਭੰਮੇ ਕਲਾਂ ਕੋਲ ਪਹੁੰਚੀ ਤਾਂ ਉਸ ਦੀ ਮਾਨਸਾ ਵੱਲੋਂ ਆ ਰਹੇ ਅਰਜਨ ਮਹਿੰਦਰਾਂ ਟਰੈਕਟਰ ਨਾਲ ਟੱਕਰ ਹੋ ਗਈ। ਟੱਕਰ ਇੰਨੀ ਭਿਆਨਕ ਸੀ

## ਅੰਤਰਰਾਜੀ ਨਸ਼ਾ ਤਸਕਰੀ ਗਰੋਹ ਦੇ 6 ਮੈਂਬਰ Baleno ਕਾਰ ਤੇ ਹੋਰ ਵਾਹਨਾਂ ਸਣੇ ਕਾਬੂ



ਫ਼ਤਹਿਗੜ੍ਹ ਸਾਹਿਬ ਲੋਕ ਬਾਣੀ- ਫ਼ਤਹਿਗੜ੍ਹ ਸਾਹਿਬ ਜ਼ਿਲ੍ਹਾ ਪੁਲੀਸ ਨੇ ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਨਾਲ ਸਬੰਧਤ 6 ਨਸ਼ਾ ਤਸਕਰਾਂ ਨੂੰ ਕਾਬੂ ਕਰ ਕੇ ਉਨ੍ਹਾਂ ਪਾਸੋਂ 2,56,846 ਨਸ਼ੀਲੀਆਂ ਗੋਲੀਆਂ-ਕੈਪਸੂਲ, 21,364 ਨਸ਼ੀਲੇ ਟੀਕੇ ਅਤੇ 738 ਸ਼ੀਸ਼ੀਆਂ- ਵਾਇਲਜ਼ ਬਰਾਮਦ ਕੀਤੀਆਂ ਹਨ। ਉਨ੍ਹਾਂ ਪਾਸੋ 1 ਮੋਟਰਸਾਈਕਲ, 1 ਸਕੂਟਰੀ ਅਤੇ 1 ਬਲੈਨੋ ਕਾਰ ਵੀ ਬਰਾਮਦ ਹੋਈ। ਜ਼ਿਲ੍ਹਾ ਪੁਲੀਸ ਮੁਖੀ ਡਾ. ਰਵਜੋਤ ਗਰੇਵਾਲ ਨੇ ਅੱਜ ਇਥੇ ਦਸਿਆ ਕਿ ਪੁਲੀਸ ਨੇ ਇਸ ਸਬੰਧੀ ਥਾਣਾ ਬਡਾਲੀ ਆਲਾ ਸਿੰਘ ਵਿਚ ਮੁਕੱਦਮਾ ਦਰਜ ਕੀਤਾ ਹੈ,

## 10 ਕਿੱਲੋ ਹੈਰੋਇਨ ਸਣੇ ਤਸਕਰ ਗ੍ਰਿ.ਫਤਾਰ



ਜਲੰਧਰ ਲੋਕ ਬਾਣੀ-- ਐੱਸਟੀਐੱਫ ਜਲੰਧਰ ਰੇਂਜ ਨੇ ਨਸ਼ਾ ਤਸਕਰੀ ਦੇ ਵੱਡੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਪਾਕਿਸਤਾਨ ਤੋਂ ਡਰੋਨ ਰਾਹੀਂ ਮੰਗਵਾਈ ਗਈ 10 ਕਿੱਲੋ 163 ਗ੍ਰਾਮ ਹੈਰੋਇਨ ਦੀ ਖੇਪ ਸਣੇ ਤਸਕਰ ਨੂੰ ਕਾਬੂ ਕੀਤਾ ਹੈ। ਇਸ ਮਾਮਲੇ ਵਿਚ ਮੁਲਜ਼ਮ ਦੇ ਜੇਲ੍ਹ 'ਚ ਬੰਦ ਭੂਆ ਦੇ ਪੁੱਤਰ ਨੂੰ ਵੀ ਨਾਮਜ਼ਦ ਕੀਤਾ ਗਿਆ ਹੈ।

## 'ਆਪ' ਵਿਧਾਇਕਾਂ ਦੀ ਖ਼ਰੀਦੋ-ਫ਼ਰੋਖ਼ਤ ਦੇ ਮਾਮਲੇ ਵਿੱਚ ਏਸੀਬੀ ਦੀ ਕੇਜਰੀਵਾਲ ਦੇ ਘਰ ਦਸਤਕ




ਨਵੀਂ ਦਿੱਲੀ ਲੋਕ ਬਾਣੀ - ਦਿੱਲੀ ਦੇ ਉਪ ਰਾਜਪਾਲ ਵੀਕੇ ਸਕਸੈਨਾ ਨੇ ਅੱਜ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਉਨ੍ਹਾਂ ਦੋਸ਼ਾਂ ਦੀ ਭ੍ਰਿਸ਼ਟਾਚਾਰ ਵਿਰੋਧੀ ਸ਼ਾਖਾ (ਏਸੀਬੀ) ਤੋਂ ਜਾਂਚ ਕਰਵਾਉਣ ਦੇ ਹੁਕਮ ਦਿੱਤੇ, ਜਿਨ੍ਹਾਂ ਤਹਿਤ ਭਾਰਤੀ ਜਨਤਾ ਪਾਰਟੀ 'ਤੇ 'ਆਪ' ਉਮੀਦਵਾਰਾਂ ਨੂੰ ਲਾਲਚ ਦੇ ਕੇ ਆਪਣੀ ਪਾਰਟੀ ਵਿੱਚ ਸ਼ਾਮਲ ਕਰਨ ਦਾ ਦੋਸ਼ ਲਗਾਇਆ ਸੀ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ।

ਇਸੇ ਦੌਰਾਨ, ਏਸੀਬੀ ਦੀ ਟੀਮ ਆਪਣੀ ਜਾਂਚ ਦੇ ਸਿਲਸਿਲੇ ਵਿੱਚ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ ਵਿਖੇ ਪੁੱਜੀ। ਜਾਂਚ ਦਾ ਇਹ ਹੁਕਮ ਦਿੱਲੀ ਵਿਧਾਨ ਸਭਾ ਚੋਣਾਂ ਲਈ ਵੋਟਿੰਗ ਤੋਂ ਇਕ ਦਿਨ ਪਹਿਲਾਂ ਦਿੱਤਾ ਗਿਆ ਹੈ।

## ਪੰਜਾਬ ਸੁਬਾਰਡੀਨੇਟ ਸਰਵਿਸ ਫੈੱਡਰੇਸ਼ਨ ਵੱਲੋਂ ਦੋ ਰੋਜ਼ਾ ਧਰਨਾ ਸ਼ੁਰੂ



ਸੰਗਰੂਰ, ਲੋਕ ਬਾਣੀ- ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੇ ਸੱਦੇ ਤੇ ਜ਼ਿਲ੍ਹੇ ਭਰ ਦੇ ਮੁਲਾਜ਼ਮਾਂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ ਦੋ ਦਿਨਾਂ ਧਰਨਿਆਂ ਦੀ ਸ਼ੁਰੂਆਤ ਕੀਤੀ। ਇਹ ਰੋਸ ਧਰਨਾ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਆਗੂ ਹਰਪਾਲ ਸਿੰਘ ਸੁਨਾਮ, ਜ਼ਿਲਾ ਆਗੂ ਮਾਲਵਿੰਦਰ ਸਿੰਘ ਸੰਧੂ, ਗੋਰਮਿੰਟ ਟੀਚਰਜ਼ ਯੂਨੀਅਨ ਦੇ ਫਕੀਰ ਸਿੰਘ ਟਿੱਬਾ, ਆਸ਼ਾ ਵਰਕਰ ਯੂਨੀਅਨ ਦੇ ਸੂਬਾ ਪ੍ਰਧਾਨ ਰਾਣੋ ਖੇੜੀ ਗਿੱਲਾਂ ਅਤੇ ਜੰਗਲਾਤ ਵਰਕਰਜ਼ ਯੂਨੀਅਨ ਦੇ ਆਗੂ ਜਸਵਿੰਦਰ ਸਿੰਘ ਗਾਗਾ ਅਤੇ ਸਤਨਾਮ ਸਿੰਘ ਸੰਗਤੀਵਾਲਾ ਦੀ ਅਗਵਾਈ ਵਿੱਚ ਸ਼ੁਰੂ ਕੀਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕੇਂਦਰ ਦੀ ਸਰਕਾਰ ਪੀਐਫਆਰਡੀਏ ਐਕਟ ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਕੱਚੇ ਮੁਲਾਜ਼ਮਾਂ ਪੱਕੇ ਕੀਤੇ ਜਾਣ, ਜਨਤਕ ਅਦਾਰਿਆਂ ਦਾ ਨਿਜੀਕਰਨ ਬੰਦ ਕੀਤਾ







ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

||ਜੇਹਾ ਚਿਰੀ ਲਿਖਿਆ ਤੇਹਾ ਹੁਕਮ ਕਮਾਹਿ ਘੱਲੇ ਆਵਹਿ
ਨਾਨਕਾ ਸਦੇ ਉਠੀ ਜਾਹਿ!||

|| ਪਾਠ ਦਾ ਭੋਗ ||



# ਸ੍ਰੀ. ਦਰਸ਼ਨ ਲਾਲ
# (1956-2025)

ਆਪ ਜੀ ਨੂੰ ਬਹੁਤ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸ੍ਰੀ ਦਰਸ਼ਨ ਲਾਲ ਜੀ ਆਪਣੀ ਸੰਸਕਾਰ ਯਾਤਰਾ ਪੂਰੀ ਕਰਦੇ ਹੋਏ ਮਿਤੀ 29/01/2025 ਨੂੰ ਅਚਾਨਕ ਸਦੀਵੀ ਵਿਛੋੜਤ ਦੇ ਕੇ ਗੁਰੂ ਚਰਨਾਂ ਵਿੱਚ ਬਿਰਾਜੇ ਹਨ

## ਉਹਨਾਂ ਦੀ ਅੰਤਿਮ ਸ਼ਾਂਤੀ ਲਈ ਅੰਤਿਮ ਅਰਦਾਸ

ਮਿਤੀ 09/02/2025 ਨੂੰ ਦੁਪਹਿਰੇ 1 ਤੋਂ 2 ਵਜੇ ਦੇ ਕਰੀਬ
ਸਥਾਨਗਲੀ ਨੰ 6 ਨਿਊ ਹਰਦਿਆਲ ਨਗਰ, ਲੰਮਾ ਪਿੰਡ ਚੌਂਕ ਜਲੰਧਰ

ਪਤਨੀ ਨਿਰਮਲ ਰਾਣੀ
ਪੁੱਤਰ/ਨੰਹੂ ਅਮਨਦੀਪ ਮਹਿਰਾ, ਮੁੱਖ ਸੰਪਾਦਕ, ਰੋਜ਼ਾਨਾ ਲੋਕ ਬਾਣੀ,ਤੰਨੂ ਮਹਿਰਾ
ਵਿਸ਼ੂ ਮਹਿਰਾ, ਸੀਮਾ ਮਹਿਰਾ , ਧੀ/ਜਵਾਈ ਪਾਇਲ, ਮਨਜਿੰਦਰ ਸਿੰਘ
ਬੱਚੇ, ਪ੍ਰਾਚੀ ਮਹਿਰਾ, ਅਨਮੋਲ ਮਹਿਰਾ,ਤਨੀਸ਼ ਮਹਿਰਾ, ਨਵਦੀਪ ਮਹਿਰਾ,ਗੁਰਤਾਜ ਸਿੰਘ,
ਗੁਰਸਹਿਜ ਸਿੰਘ

# ਕੈਂਸਰ ਵਰਗੀਆਂ ਬੀਮਾਰੀਆਂ ਦੀ ਰੋਕਥਾਮ ਲਈ ਖਾਣ ਵਾਲੇ ਕੁਦਰਤੀ ਪਦਾਰਥ ਵਰਤੇ ਜਾਣ -ਪਰਵਿੰਦਰ ਕੌਰ ਬੰਗਾ



ਫਗਵਾੜਾ, ( ਸੁਸ਼ੀਲ ਸ਼ਰਮਾ ) ਬਲੱਡ ਬੈਂਕ ਫਗਵਾੜਾ ਵੱਲੋਂ ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਇਟੀ (ਯੂ.ਕੇ.) ਦੇ ਸਹਿਯੋਗ ਨਾਲ ਮੱਖਣ ਸਿੰਘ ਜੌਹਲ ਦੀ ਯਾਦ ਵਿੱਚ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਦਾ ਉਦਘਾਟਨ ਉੱਘੇ ਸਨੱਅਤਕਾਰ ਅਤੇ ਵਾਤਾਵਰਨ ਪ੍ਰੇਮੀ ਭਵਦੀਪ ਸਰਦਾਨਾ ਵੱਲੋਂ ਜੋਅਤੀ ਪ੍ਰਜਲਤ ਕਰਕੇ ਕੀਤਾ ਗਿਆ। ਉਹਨਾ ਆਪਣੇ ਉਦਘਾਟਨੀ ਭਾਸ਼ਣ ਵਿੱਚ ਕੈਂਸਰ ਤੋਂ ਬਚਾਅ ਲਈ ਖਾਣ-ਪੀਣ ਅਤੇ ਕਸਰਤ ਕਰਨ ਲਈ ਜ਼ੋਰ ਦਿੱਤਾ ਗਿਆ। ਸਤਿਕਾਰਤ ਮਹਿਮਾਨ ਮਿਸਜ਼ ਪਰਵਿੰਦਰ ਕੌਰ ਬੰਗਾ ਪ੍ਰਧਾਨ ਐਨ.ਆਰ.ਆਈ. ਸਭਾ ਵੱਲੋਂ ਬੱਲਡ ਬੈਂਕ ਵੱਲੋਂ ਕੀਤੇ ਜਾਂਦੇ ਸਮਾਜ ਭਲਾਈ ਦੇ ਕੰਮਾਂ ਦੀ ਪ੍ਰਸੰਸਾ ਕੀਤੀ ਅਤੇ ਆਪਣੇ ਪ੍ਰੂੰਜੀਵਤ ਭਾਸ਼ਣ ਵਿੱਚ ਖ਼ੂਨਦਾਨ ਕਰਨ, ਵਾਤਾਵਰਨ ਸੰਭਾਲਣ ਲਈ ਸੰਦੇਸ਼ ਦਿੱਤਾ ਤਾਂ ਜੋ ਸਾਡੀ ਸਿਹਤ ਠੀਕ ਰਹੇ ਅਤੇ ਕੈਂਸਰ ਵਰਗੀਆਂ ਬਿਮਾਰੀਆਂ ਨਾ ਲੱਗਣ। ਉਹਨਾ ਕੈਮੀਕਲ ਛੜਕਾਊ ਅਤੇ ਕੈਮੀਕਲ ਖਾਦਾਂ ਵਾਲੇ ਪਦਾਰਥਾਂ ਦੀ ਥਾਂ ਕੁਦਰਤੀ ਤਰੀਕੇ ਨਾਲ ਉਪਜਾਊ ਕੀਤੇ ਖਾਣ ਵਾਲੇ ਪਦਾਰਥਾਂ ਦੀ ਵਰਤੋਂ ਕਰਨ ਲਈ ਕਿਹਾ। ਉਹਨਾਂ ਹਾਜ਼ਰ ਲੜਕੀਆਂ ਨੂੰ ਬਾਹਰਲੇ ਦੇਸ਼ਾਂ ਵਿੱਚ ਜਾਣ ਤੋਂ ਗੁਰੇਜ਼ ਕਰਨ ਦਾ ਵੀ ਸੰਦੇਸ਼ ਦਿੱਤਾ। ਵਰਲਡ ਕੈਂਸਰ ਕੇਅਰ ਸੁਸਾਇਟੀ ਵੱਲੋਂ ਆਏ ਡਾਕਟਰਾਂ ਦੀ ਟੀਮ ਵੱਲੋਂ 318 ਤੋਂ ਵੱਧ ਮਰੀਜ਼ਾਂ ਦਾ ਚੈੱਕ ਅੱਪ ਕੀਤਾ ਅਤੇ ਲੋੜ ਅਨੁਸਾਰ ਉਹਨਾਂ ਦੇ ਟੈਸਟ, ਬੱਸਾਂ ਵਿੱਚ ਬਣਾਈਆਂ ਲੈਬੋਰਟ੍ਰੀਆਂ ਵਿੱਚ ਕੀਤੇ। ਟੈਸਟਾਂ ਵਿੱਚ ਔਰਤਾਂ ਦੀ ਛਾਤੀ ਲਈ ਮੈਮੋਗ੍ਰਾਫੀ ਟੈਸਟ, ਔਰਤਾਂ ਦੀ ਬੱਚੇਦਾਨੀ ਲਈ ਪੈਪ ਸਪੇਅਰ ਟੈਸਟ, ਬਲੱਡ ਕੈਂਸਰ ਦੀ ਜਾਂਚ ਦੇ ਟੈਸਟ, ਮੂੰਹ ਅਤੇ ਗਲੇ ਦੀ ਜਾਂਚ ਦੇ ਟੈਸਟ ਕੀਤੇ ਗਏ। ਮੌਕੇ ਉਤੇ ਜਨਰਲ ਚੈੱਕ ਅੱਪ ਵੀ ਕੀਤਾ ਗਿਆ ਅਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਲੋਕਾਂ ਨੂੰ ਕੈਂਸਰ ਦੀ ਬਿਮਾਰੀ ਤੋਂ ਬਚਾਅ ਬਾਰੇ ਭਾਸ਼ਣ ਵੀ ਦਿੱਤੇ ਗਏ। ਇਹਨਾਂ ਭਾਸ਼ਣ ਸੈਸ਼ਨਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ(ਲੜਕੇ), ਐਸ.ਡੀ, ਮਾਡਲ ਸਕੂਲ, ਐਸ.ਡੀ. ਕੰਨਿਆ ਮਹਾਂਵਿਦਿਆਲਾ ਸਕੂਲ, ਖਾਲਸਾ ਸਕੂਲ, ਆਰੀਆਂ ਮਾਡਲ ਸਕੂਲ, ਮਹਾਂਵੀਰ ਜੈਨ ਮਾਡਲ ਸਕੂਲ, ਕਮਲਾ ਨਹਿਰੂ ਪਬਲਿਕ ਸਕੂਲ , ਮਾਂ ਅੰਬੇ ਸਕੂਲ, ਗੁਰੂ ਰਵੀਦਾਸ ਕਾਲਜ, ਰਾਮਗੜ੍ਹੀਆ ਨਰਸਿੰਗ ਕਾਲਜ, ਵੋਕੇਸ਼ਨਲ ਸੈਂਟਰ ਸਰਬ ਨੌਜਵਾਨ ਸਭਾ ਦੇ ਬੱਚਿਆਂ ਨੇ ਭਾਗ ਲਿਆ ਅਤੇ ਕੈਂਸਰ ਜਾਗਰੂਕਤਾ ਬਾਰੇ ਲਈ ਜਾਣਕਾਰੀ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਵਾਇਦਾ ਕੀਤਾ। ਜਾਣਕਾਰੀ ਸੰਬੰਧੀ ਉਹਨਾਂ ਨੂੰ ਪੈਂਫਲੈਟ ਦਿੱਤੇ ਗਏ ਅਤੇ ਬੱਸਾਂ ਵਿੱਚ ਪ੍ਰੋਜੈਕਟਰਾਂ ਰਾਹੀਂ ਕੈਂਸਰ ਦੀ ਰੋਕਥਾਮ ਲਈ ਜਾਣਕਾਰੀ ਵਾਲੀਆਂ ਫ਼ਿਲਮਾਂ ਦਿਖਾ ਕੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕੀਤਾ ਗਿਆ। ਇਸ ਕੈਂਪ ਦਾ ਪ੍ਰਬੰਧ ਕਰਨ ਲਈ ਬਲੱਡ ਬੈਂਕ ਦੇ ਚੇਅਰਮੈਨ ਕੇ.ਕੇ. ਸਰਦਾਨਾ ਦੀ ਦਿਸ਼ਾ-ਨਿਰਦੇਸ਼ਾਂ ਹੇਠ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ, ਪ੍ਰਿੰ. ਗੁਰਮੀਤ ਸਿੰਘ ਪਲਾਹੀ, ਤੇ ਹਰਬੰਸ ਲਾਲ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਕੈਂਪ ਨੂੰ ਕਾਮਯਾਬ ਬਣਾਉਣ ਲਈ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਵਿਦਿਆਰਥੀਆਂ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ। ਅਖੀਰ ਵਿਚ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਨੇ ਵਰਲਡ ਕੈਂਸਰ ਚੈਰੀਟੇਬਲ ਸੁਸਾਇਟੀ ਦੇ ਸੰਸਥਾਪਕ ਕੁਲਵੰਤ ਸਿੰਘ ਧਾਲੀਵਾਲ ਅਤੇ ਸਭ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਜੇ.ਐਸ. ਵਿਰਕ, ਕ੍ਰਿਸ਼ਨ ਕੁਮਾਰ, ਅਵਤਾਰ ਸਿੰਘ ਸੈਣੀ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਗੁਲਸ਼ਨ ਕਪੂਰ, ਨਰਿੰਦਰ ਸੈਣੀ, ਕੁਲਦੀਪ ਦੁੱਗਲ, ਅਸ਼ੋਕ ਕੁਮਾਰ ਰਸ਼ਪਾਲ ਸਿੰਘ, ਰਮਨ ਕੁਮਾਰ, ਰੂਪ ਲਾਲ, ਰਾਮ ਲੁਭਾਇਆ, ਐਡਵੋਕੇਟ ਐਸ.ਐਲ. ਵਿਰਦੀ ਆਦਿ ਹਾਜ਼ਰ ਰਹੇ।

# ਯੂਥ ਵਾਇਸ ਫਾਊਂਡੇਸ਼ਨ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਉਪਰਾਲੇ ਸ਼ਲਾਘਾਯੋਗ - ਜੋਗਿੰਦਰ ਸਿੰਘ ਮਾਨ



ਫਗਵਾੜਾ ( ਸੁਸ਼ੀਲ ਸ਼ਰਮਾ )ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਅੱਜ ਸਮਾਜ ਸੇਵੀ ਸੰਸਥਾ ਯੂਥ ਵਾਇਸ ਫਾਊਂਡੇਸ਼ਨ ਸੁਸਾਇਟੀ ਵਲੋਂ ਐਸ.ਐਨ.ਜੇ ਚੈਰੀਟੇਬਲ ਟਰੱਸਟ ਯੂ.ਕੇ. ਅਤੇ ਸ਼ੰਕਰਾ ਆਈ ਫਾਊਂਡੇਸ਼ਨ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ ਰਾਮਗੜ੍ਹੀਆ ਇੰਸਟੀਚਿਊਟ ਆਫ ਹੈਲਥ ਸਾਇੰਸ ਐਂਡ ਰਿਸਰਚ, ਸਤਨਾਮਪੁਰਾ ਵਿਖੇ ਲਗਾਏ ਅੱਖਾਂ ਦੇ ਤੀਸਰੇ ਫਰੀ ਆਪ੍ਰੇਸ਼ਨ ਕੈਂਪ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਹਨਾਂ ਜੱਥੇਬੰਦੀ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਉਪਰਾਲਿਆਂ ਦੀ ਤਹਿ ਦਿਲੋਂ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਉਪਰਾਲੇ ਲਗਾਤਾਰ ਜਾਰੀ ਰਹਿਣੇ ਚਾਹੀਦੇ ਹਨ। ਕਿਉਂਕਿ ਇਸ ਨਾਲ ਗਰੀਬ ਲੋੜਵੰਦ ਮਰੀਜਾਂ ਨੂੰ ਬਹੁਤ ਲਾਭ ਮਿਲਦਾ ਹੈ। ਫਾਊਂਡੇਸ਼ਨ ਦੇ ਪ੍ਰਧਾਨ ਗਗਨਦੀਪ ਸਿੰਘ ਢੱਟ ਵਲੋਂ ਜੋਗਿੰਦਰ ਸਿੰਘ ਮਾਨ ਅਤੇ ਉਹਨਾਂ ਦੇ ਨਾਲ ਪੁਹੰਚੇ ਕੌਂਸਲਰ ਪ੍ਰਿਤਪਾਲ ਕੌਰ ਤੁਲੀ ਤੇ ਕੌਂਸਲਰ ਜਸਦੇਵ ਸਿੰਘ ਨੂੰ ਸਨਮਾਨਤ ਵੀ ਕੀਤਾ ਗਿਆ। ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾਕਟਰਾਂ ਵੱਲੋਂ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਲੋੜਵੰਦ ਮਰੀਜਾਂ ਦੇ ਮੁਫਤ ਅਪਰੇਸ਼ਨ ਕਰਕੇ ਲੈਂਜ ਪਾਏ ਗਏ। ਅਪਰੇਸ਼ਨ ਵਾਲੇ ਮਰੀਜ਼ਾਂ ਨੂੰ ਐਨਕਾਂ ਵੀ ਫਰੀ ਦਿੱਤੀਆਂ ਗਈਆਂ। ਕੈਂਪ ਵਿੱਚ ਪੁੱਜਣ ਵਾਲਿਆਂ ਲਈ ਚਾਹ-ਪਾਣੀ ਦਾ ਯੋਗ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਇਸ ਮੌਕੇ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੇ ਚੇਅਰਪਰਸਨ ਮਨਪ੍ਰੀਤ ਕੌਰ ਭੋਗਲ, ਡਾਇਰੈਕਟਰ ਵਿਓਮਾ ਭੋਗਲ ਢੱਟ, ਰਮਨ ਨਹਿਰਾ, ਨੰਦ ਸੋਨੀ ਤੋਂ ਇਲਾਵਾ ਹੋਰ ਪਤਵੰਤੇ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਅਤੇ ਪੈਨਸ਼ਨਰਜ਼ ਮੰਗਾਂ ਪ੍ਰਤੀ ਧਾਰੀ ਬੇਰੁਖੀ ਦੇ ਵਿਰੁੱਧ ਪੈਨਸ਼ਨਰਾਂ ਨੇ ਕੀਤੀ ਇੱਕ ਦਿਨਾ ਭੁੱਖ ਹੜਤਾਲ





ਫ਼ਗਵਾੜਾ (ਸੁਸ਼ੀਲ ਸ਼ਰਮਾ)
ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਧਾਰੀ ਸਾਜ਼ਿਸ਼ੀ ਚੁੱਪ ਅਤੇ ਬੇਰੁਖੀ ਦੇ ਵਿਰੁੱਧ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਪੰਜਾਬ ਵਲੋਂ ਦਿੱਤੇ ਗਏ ਸੱਦੇ ਅਨੁਸਾਰ ਅੱਜ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਫ਼ਗਵਾੜਾ ਦੇ ਗਿਆਰਾਂ ਮੈਂਬਰੀ ਜਥੇ ਨੇ ਐਡੀਸ਼ਨਲ ਡਿਪਟੀ ਕਮਿਸ਼ਨਰ ਫ਼ਗਵਾੜਾ ਦੇ ਦਫ਼ਤਰ ਅੱਗੇ ਇੱਕ ਦਿਨਾ ਭੁੱਖ ਹੜਤਾਲ ਕਰਕੇ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ। ਭੁੱਖ ਹੜਤਾਲ ਦੇ ਜਥੇ ਵਿੱਚ ਮੋਹਣ ਸਿੰਘ ਭੱਟੀ,ਹੰਸ ਰਾਜ ਬੰਗੜ,ਰਾਜ ਕੁਮਾਰ ਦੁੱਗਲ,ਬਲਵੀਰ ਚੰਦ,ਡਾ.ਤਰਲੋਕ ਸਿੰਘ,ਕੁਲਦੀਪ ਸਿੰਘ ਕੌੜਾ,ਗਿਆਨ ਚੰਦ ਨਈਅਰ,ਕਰਨੈਲ ਸਿੰਘ ਸੰਧੂ,ਹਰੀ ਦੇਵ ਬੇਰੀ,ਗਿਆਨ ਚੰਦ,ਹਰਦੇਵ ਸਿੰਘ,ਕੇ.ਕੇ.ਪਾਂਡੇ,ਰਤਨ ਸਿੰਘ,ਭਾਗ ਮੱਲ,ਹਰਭਜਨ ਲਾਲ ਕੌਲ,ਗੁਰਨਾਮ ਸਿੰਘ ਸੈਣੀ ਆਦਿ ਜੁਝਾਰੂ ਪੈਨਸ਼ਨਰ ਸਾਥੀ ਸ਼ਾਮਲ ਹੋਏ। ਅੱਜ ਦੀ ਭੁੱਖ ਹੜਤਾਲ ਐਕਸ਼ਨ ਦੀ ਅਗਵਾਈ ਮੋਹਣ ਸਿੰਘ ਭੱਟੀ,ਰਾਜ ਕੁਮਾਰ ਦੁੱਗਲ,ਹੰਸ ਰਾਜ ਬੰਗੜ ਨੇ ਕੀਤੀ।

ਭੁੱਖ ਹੜਤਾਲ ਸਮੇਂ ਸੰਬੋਧਨ ਕਰਦੇ ਹੋਏ ਸੂਬਾਈ ਪੈਂਨਸ਼ਨਰ ਆਗੂਆਂ ਕਰਨੈਲ ਸਿੰਘ ਸੰਧੂ,ਗਿਆਨ ਚੰਦ ਨਈਅਰ ਨੇ ਕਿਹਾ ਕਿ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਪੰਜਾਬ ਵਲੋਂ ਦਿੱਤੇ ਗਏ ਸੱਦੇ ਅਨੁਸਾਰ ਅੱਜ 7 ਫਰਵਰੀ ਨੂੰ ਪੂਰੇ ਪੰਜਾਬ ਵਿੱਚ ਜ਼ਿਲ੍ਹਾ ਪੱਧਰ ਤੇ ਇੱਕ ਦਿਨ ਦੀ ਭੁੱਖ ਹੜਤਾਲ ਕਰਦੇ ਹੋਏ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਧਾਰੀ ਸਾਜ਼ਿਸ਼ੀ ਚੁੱਪ ਨੂੰ ਲੋਕਾਂ ਵਿੱਚ ਬੇਪਰਦਾ ਕਰਨ ਲਈ ਪੂਰੇ ਪੰਜਾਬ ਵਿੱਚ ਇੱਕ ਦਿਨਾ ਭੁੱਖ ਹੜਤਾਲ ਕਰਕੇ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਧਾਰੀ ਸਾਜ਼ਿਸ਼ੀ ਚੁੱਪ ਅਤੇ ਬੇਰੁਖੀ ਅਤਿਅੰਤ ਨਿੰਦਣਯੋਗ ਹੈ ਕਿਉਂਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜ਼ਾਇਜ਼ ਮੰਗਾਂ ਨੂੰ ਮੰਨਣ ਅਤੇ ਲਾਗੂ ਕਰਨ ਸੰਬੰਧੀ ਪਹਿਲਾਂ ਰਾਜ ਕਰਦੀਆਂ ਪਾਰਟੀਆਂ ਤੋਂ ਵੀ ਵੱਧ ਨਿਕੰਮੀ ਸਾਬਤ ਹੋਈ ਹੈ। ਉਹਨਾਂ ਨੇ ਕਿਹਾ ਕਿ ਛੇਵੇਂ ਪੇ ਕਮਿਸ਼ਨ ਵੱਲੋਂ ਸਿਫਾਰਸ਼ ਕਰਨ ਦੇ ਬਾਵਜੂਦ ਵੀ ਪੈਂਨਸ਼ਨ ਰੀਵਾਈਜ ਲਈ 2.59 ਦਾ ਗੁਣਾਂਕ ਲਾਗੂ ਨਹੀਂ ਕੀਤਾ। ਸਾਢੇ ਪੰਜ ਸਾਲਾਂ ਦੇ ਪੇ ਕਮਿਸ਼ਨ ਦੇ ਅਤੇ ਡੀ ਏ ਦੀ ਰਹਿੰਦੀਆਂ ਕਿਸ਼ਤਾਂ ਅਤੇ ਉਹਨਾਂ ਦੇ ਬਣਦੇ ਬਕਾਏ ਨਹੀਂ ਦਿੱਤੇ ਜਾ ਰਹੇ। ਮੈਡੀਕਲ ਭੱਤਾ 2000/- ਰੁਪਏ, ਕੈਸ਼ ਲੈੱਸ ਹੈੱਲਥ ਸਕੀਮ ਸੋਧ ਕੇ ਲਾਗੂ ਕਰਨ ਅਤੇ ਚੋਣ ਵਾਅਦੇ ਅਨੁਸਾਰ ਪੁਰਾਣੀ ਪੈਂਨਸ਼ਨ ਤੁਰੰਤ ਬਹਾਲ ਨਹੀਂ ਕੀਤੀ ਜਾ ਰਹੀ। ਸਮੂਹ ਵਿਭਾਗਾਂ ਦੇ ਕੱਚੇ ਮੁਲਾਜ਼ਮਾਂ ਨੂੰ ਪੂਰੇ ਪੂਰੇ ਗਰੇਡਾਂ ਵਿੱਚ ਰੈਗੂਲਰ ਨਹੀਂ ਕੀਤਾ ਜਾ ਰਿਹਾ ਆਦਿ ਮੰਗਾਂ ਪ੍ਰਤੀ ਪੰਜਾਬ ਸਰਕਾਰ ਦੀ ਸਾਜ਼ਿਸ਼ੀ ਚੁੱਪ ਅਤੇ ਬੇਰੁਖੀ ਨੂੰ ਆਮ ਲੋਕਾਂ ਸਾਹਮਣੇ ਨੰਗਾ ਕਰਨ ਲਈ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਫ਼ਗਵਾੜਾ ਵਲੋਂ ਵੀ ਅੱਜ 7 ਫਰਵਰੀ ਨੂੰ ਫ਼ਗਵਾੜਾ ਵਿਖੇ ਵੀ ਗਿਆਰਾਂ ਮੈਂਬਰੀ ਜਥੇ ਨੇ ਭੁੱਖ ਹੜਤਾਲ ਕਰਦੇ ਹੋਏ ਰੋਸ ਪ੍ਰਦਰਸ਼ਨ ਕੀਤਾ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਪੰਜਾਬ ਵਲੋਂ 08 ਫਰਵਰੀ ਤੋਂ 20 ਫਰਵਰੀ ਤੱਕ ਵਿਧਾਇਕਾਂ ਨੂੰ ਮੰਗ ਪੱਤਰ ਦੇਣ ਦੇ ਐਕਸ਼ਨ ਵਿੱਚ ਵੀ ਪੈਨਸ਼ਨਰ ਵੱਧ ਚੜ੍ਹ ਸ਼ਾਮਲ ਹੋਣਗੇ। ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਬੱਜਟ ਸੈਸ਼ਨ ਦੌਰਾਨ ਚੰਡੀਗੜ੍ਹ ਵਿਖੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਬੈਨਰ ਹੇਠ ਹੋਣ ਵਾਲੀਆਂ ਰੈਲੀਆਂ ਵਿੱਚ ਵੀ ਜੁਆਇੰਟ ਗੌਰਮਿੰਟ ਪੈਨਸ਼ਨਰਜ਼ ਫਰੰਟ ਫਗਵਾੜਾ ਵਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਇੱਕ ਦਿਨਾ ਭੁੱਖ ਹੜਤਾਲ ਖ਼ਤਮ ਕਰਨ ਦੇ ਮੌਕੇ ਤੇ ਐਡੀਸ਼ਨਲ ਡਿਪਟੀ ਕਮਿਸ਼ਨਰ ਫ਼ਗਵਾੜਾ ਦੀ ਗੈਰ ਮੌਜੂਦਗੀ ਵਿੱਚ ਦਫ਼ਤਰ ਦੇ ਸੀਨੀਅਰ ਕਸੇਲ ਸਟੈਨੋ ਸ੍ਰੀ ਨਰਿੰਦਰ ਕੁਮਾਰ ਜੀ ਦੇ ਰਾਹੀਂ ਮੁੱਖ ਮੰਤਰੀ ਪੰਜਾਬ ਦੇ ਨਾਂ ਤੇ ਪੈਂਨਸਨਰਾਂ ਦੀਆਂ ਹੱਕੀ ਅਤੇ ਜ਼ਾਇਜ਼ ਮੰਗਾਂ ਸਬੰਧੀ ਮੰਗ ਪੱਤਰ ਵੀ ਭੇਜਿਆ ਗਿਆ।ਇਸ ਸਮੇਂ ਹੋਰਨਾਂ ਤੋਂ ਇਲਾਵਾ ਸਤਪਾਲ ਸਿੰਘ ਖੱਟਕੜ,ਸੁਖਦੇਵ ਸਿੰਘ,ਜਨਕ ਰਾਜ,ਜਸਪਾਲ ਸਿੰਘ ਗਰੇਵਾਲ,ਗੁਰਮੀਤ ਸਿੰਘ,ਹਰਚਰਨ ਭਾਰਤੀ,ਨਰਿੰਦਰ ਦਾਸ ਸ਼ਰਮਾ,ਸਤਪਾਲ ਮਹਿਮੀ,ਸ਼ਿਵ ਦਾਸ,ਸ਼ਰਮਾ ਲਲਿਤ ਕੁਮਾਰ,ਸੋਮ ਲਾਲ ਬੰਗੜ,ਹਰਮੇਸ਼ ਪਾਠਕ,ਸਵਰਨ ਸਿੰਘ,ਨਿੰਦਰ ਸਿੰਘ, ਹਰਭਜਨ ਲਾਲ,ਸੀਤਲ ਰਾਮ ਬੰਗਾ,ਲਸ਼ਕਰ ਸਿੰਘ,ਰਵਿੰਦਰ ਸਿੰਘ,ਤੀਰਥ ਸਿੰਘ,ਪ੍ਰਮੋਦ ਕੁਮਾਰ ਜੋਸ਼ੀ,ਸੀਤਲ ਰਾਮ ਲੋਈ ਆਦਿ ਸਾਥੀ ਹਾਜ਼ਰ ਹੋਏ।

# ਬਲਜਿੰਦਰ ਸਿੰਘ ਠੇਕੇਦਾਰ ਨੇ ਦਿੱਤਾ ਹਾਈਕਮਾਂਡ ਵਲੋਂ ਭੇਜੇ ਕਾਰਨ ਦੱਸੋ ਨੋਟਿਸ ਦਾ ਜਵਾਬ



ਫਗਵਾੜਾ ( ਸੁਸ਼ੀਲ ਸ਼ਰਮਾ )ਨਗਰ ਨਿਗਮ ਫਗਵਾੜਾ ਦੇ ਮੇਅਰ ਦੀ ਚੋਣ ਸਬੰਧੀ ਹੋਈ ਕਾਰਪੋਰੇਸ਼ਨ ਦੀ ਮੀਟਿੰਗ ਦੌਰਾਨ ਕਾਂਗਰਸ ਪਾਰਟੀ ਦੇ ਹੱਕ 'ਚ ਭੁਗਤਣ ਸਬੰਧੀ ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਕੌਂਸਲਰ ਜਸਵਿੰਦਰ ਕੌਰ ਅਤੇ ਉਹਨਾਂ ਦੇ ਪਤੀ ਠੇਕੇਦਾਰ ਬਲਜਿੰਦਰ ਸਿੰਘ ਸਾਬਕਾ ਕੌਂਸਲਰ ਨੂੰ ਭੇਜੇ ਕਾਰਨ ਦੱਸੋ ਨੋਟਿਸ ਦਾ ਜਵਾਬ ਠੇਕੇਦਾਰ ਬਲਜਿੰਦਰ ਸਿੰਘ ਵਲੋਂ ਅੱਜ ਹਲਕਾ ਇੰਚਾਰਜ ਨੂੰ ਭੇਜ ਦਿੱਤਾ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਠੇਕੇਦਾਰ ਬਲਜਿੰਦਰ ਸਿੰਘ ਅਤੇ ਕੌਂਸਲਰ ਜਸਵਿੰਦਰ ਕੌਰ ਨੇ ਦੱਸਿਆ ਕਿ 1 ਫਰਵਰੀ 2025 ਨੂੰ ਨਗਰ ਨਿਗਮ ਫਗਵਾੜਾ ਦੇ ਮੇਅਰ ਦੀ ਹੋਈ ਚੋਣ ਸਬੰਧੀ ਕਾਂਗਰਸ ਪਾਰਟੀ ਨੂੰ ਸਮਰਥਣ ਦੇਣ ਦੀ ਗੱਲ ਬਿਲਕੁਲ ਬੇਬੁਨਿਯਾਦ ਹੈ। ਬੀਬੀ ਜਸਵਿੰਦਰ ਕੌਰ ਨੇ ਕਿਹਾ ਕਿ ਮੇਅਰ ਦੀ ਚੋਣ ਸਬੰਧੀ ਉਕਤ ਮੀਟਿੰਗ ਵਿਚ ਉਹਨਾਂ ਨੇ ਕਾਂਗਰਸ ਪਾਰਟੀ ਦਾ ਕੋਈ ਸਮਰਥਨ ਨਹੀਂ ਕੀਤਾ ਬਲਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਵਫਾਦਾਰ ਸਿਪਾਹੀ ਹੋਣ ਦੇ ਨਾਤੇ ਪਾਰਟੀ ਹਾਈਕਮਾਂਡ ਤੋਂ ਮਿਲੇ ਦਿਸ਼ਾ-ਨਿਰਦੇਸ਼ਾਂ ਦੀ ਹੀ ਪਾਲਣਾ ਕੀਤੀ ਸੀ। ਠੇਕੇਦਾਰ ਬਲਜਿੰਦਰ ਸਿੰਘ ਨੇ ਕਿਹਾ ਕਿ ਮੇਰਾ ਪੂਰਾ ਪਰਿਵਾਰ ਪਿਤਾ ਪੁਰਖੀ ਅਕਾਲੀ ਹੈ ਅਤੇ ਅਕਾਲੀ ਹੀ ਰਹੇਗਾ। ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਉਹ ਸਦਾ ਯਤਨਸ਼ੀਲ ਰਹਿਣਗੇ।

# ਸਟੇਟ ਪੱਧਰੀ ਆਰਮਜ਼ ਰੈਸਲਿੰਗ ਚੈਂਪੀਅਨਸ਼ਿਪ 'ਚ ਗੋਲਡਨ ਜਿਮ ਦੇ ਖਿਡਾਰੀਆਂ ਨੇ ਲਾਈ ਮੈਡਲਾਂ ਦੀ ਝੜੀ

ਫਗਵਾੜਾ ( ਸੁਸ਼ੀਲ ਸ਼ਰਮਾ ) ਪਿਛਲੇ ਦਿਨੀਂ ਪੰਜਾਬ ਸਟੇਟ ਆਰਮਜ਼ ਸਲਿੰਗ ਚੈਂਪੀਅਨਸ਼ਿਪ ਅਤੇ ਬਿਹਾਰ ਸਟੇਟ ਰੈਸਲਿੰਗ ਚੈਂਪੀਅਨਸ਼ਿਪ ਵਿੱਚ ਗੋਲਡਨ ਜਿਮ ਲਾਅ ਗੇਟ ਮਹੇੜੂ ਦੇ ਛੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਮੈਡਲ ਜਿੱਤੇ ਹਨ। ਵਧੇਰੇ ਜਾਣਕਾਰੀ ਦਿੰਦਿਆਂ ਗੋਲਡਨ ਜਿਮ ਦੇ ਸੰਚਾਲਕਾਂ ਰਾਹੁਲ ਅਤੇ ਸਚਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਜਿਮ ਨਾਲ ਪੁਰਾਣੇ ਜੁੜੇ ਖਿਡਾਰੀਆਂ ਨੇ ਮੈਡਲ ਜਿੱਤ ਕੇ ਜਿਮ ਦਾ ਨਾਮ ਰੋਸ਼ਨ ਕੀਤਾ ਹੈ। ਉਹਨਾਂ ਦੱਸਿਆ ਕਿ 2 ਫਰਵਰੀ ਨੂੰ ਹੋਈ ਪੰਜਾਬ ਸਟੇਟ ਚੈਂਪੀਅਨਸ਼ਿਪ ਵਿੱਚ ਦੀਵਾਨ ਨੇ 3 ਵੱਖ-ਵੱਖ ਭਾਰ ਵਰਗਾਂ ਵਿੱਚ ਹਿੱਸਾ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦੋ ਗੋਲਡ ਤੇ ਇਕ ਸਿਲਵਰ ਮੈਡਲ ਆਪਣੇ ਨਾਮ ਕੀਤਾ। ਇਸੇ ਤਰ੍ਹਾਂ ਧਰੁਪ ਨੇ ਦੋ ਵੱਖ-ਵੱਖ ਭਾਰ ਵਰਗਾਂ ਵਿਚ ਇਕ ਗੋਲਡ ਤੇ ਇਕ ਸਿਲਵਰ, ਪੰਕਜ ਪਠਾਨੀਆ ਨੇ 70 ਕਿਲੋਗ੍ਰਾਮ ਕੈਟਾਗਿਰੀ ਵਿੱਚ ਸਿਲਵਰ ਮੈਡਲ ਹਾਸਲ ਕੀਤਾ ਹੈ। ਸਚਿਨ ਤਾਕਰ ਤੇ 65 ਕਿਲੋਗ੍ਰਾਮ ਸੀਨੀਅਰ ਵਰਗ ਵਿੱਚ ਕਾਂਸੇ ਦਾ ਮੈਡਲ ਜਿੱਤਿਆ ਅਤੇ ਨਾਲ ਹੀ ਬਤੌਰ ਪੰਜਾਬ ਸਟੇਟ ਚੈਂਪੀਅਨਸ਼ਿਪ ਰੈਫਰੀ ਵਜੋਂ ਵੀ ਡਿਊਟੀ ਨਿਭਾਈ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਜਨਵਰੀ ਮਹੀਨੇ ਵਿਚ 23ਵੀਂ ਬਿਹਾਰ ਸਟੇਟ ਆਰਮਜ਼ ਰੈਸਲਿੰਗ ਚੈਂਪੀਅਨਸ਼ਿਪ ਵਿੱਚ ਗੋਲਡਨ ਜਿਮ ਦੇ ਖਿਡਾਰੀ ਅਮਨ ਕੁਮਾਰ ਨੇ ਚਾਰ ਵੱਖ-ਵੱਖ ਵੇਟ ਕੈਟਾਗਿਰੀਆਂ ਵਿੱਚ ਹਿੱਸਾ ਲਿਆ ਅਤੇ ਤਿੰਨ ਗੋਲਡ ਮੈਡਲ ਤੇ ਇੱਕ ਸਿਲਵਰ ਮੈਡਲ ਪ੍ਰਾਪਤ ਕੀਤਾ। ਆਦਰਸ਼ ਰਾਜ ਨੇ ਵੀ ਚਾਰ ਕੈਟਾਗਿਰੀਆ ਵਿੱਚ ਭਾਗ ਲਿਆ ਅਤੇ ਦੋ ਗੋਲਡ ਦੋ ਸਿਲਵਰ ਮੈਡਲ ਜਿੱਤੇ । ਉਹਨਾਂ ਨੇ ਖਿਡਾਰੀਆਂ ਦੇ ਇਸ ਯਾਦਗਾਰੀ ਪ੍ਰਦਰਸ਼ਨ ਨੂੰ ਲੈ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਜੇਤੂ ਖਿਡਾਰੀਆਂ ਨੂੰ 25/25 ਸੌ ਰੁਪਏ ਦੇ ਨਗਦ ਇਨਾਮ ਨਾਲ ਹੌਸਲਾ ਅਫਜਾਈ ਕੀਤੀ। ਖਿਡਾਰੀਆਂ ਦੇ ਸਨਮਾਨ ਵਿਚ ਆਯੋਜਿਤ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਇੰਟਰਨੈਸ਼ਨਲ ਕੋਚ ਹਰਮੇਸ਼ ਲਾਲ ਸਟੇਟ ਅਵਾਰਡੀ ਅਤੇ ਅਸ਼ੋਕ ਮਹਿਰਾ ਇੰਟਰਨੈਸ਼ਨਲ ਕੋਆਰਡੀਨੇਟਰ ਪੁਨਰਜੋਤ ਆਈ ਬੈਂਕ ਸ਼ਾਮਲ ਹੋਏ। ਉਹਨਾਂ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਨਾਲ ਜੁੜ ਕੇ ਸਿਹਤ ਪ੍ਰਤੀ ਜਾਗਰੂਕ ਹੋਣ ਦਾ ਸੁਨੇਹਾ ਦਿੱਤਾ।



# 10 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਰਵੀ ਪਕਾਸ਼ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ



ਫਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਸ਼ੁੱਕਰਵਾਰ ਨੂੰ ਅੰਮ੍ਰਿਤਸਰ ਸ਼ਹਿਰ ਦੇ ਮਾਲ ਹਲਕਾ ਕੋਟ ਖਾਲਸਾ ਵਿਖੇ ਤਾਇਨਾਤ ਪਟਵਾਰੀ ਰਵੀ ਪ੍ਰਕਾਸ਼ ਨੂੰ 10 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।
ਅੱਜ ਇੱਥੇ ਇਹ ਖੁਲਾਸਾ ਕਰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਅੰਮ੍ਰਿਤਸਰ ਸ਼ਹਿਰ ਦੇ ਨਿਊ ਮੋਹਨੀ ਪਾਰਕ ਦੇ ਵਸਨੀਕ ਪਰਮਜੀਤ ਸਿੰਘ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।
ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਹੈ ਕਿ ਉਕਤ ਪਟਵਾਰੀ ਨੇ ਉਸਦੇ ਕਰਜ਼ੇ ਦੀ ਰਕਮ ਨੂੰ ਦਰੁਸਤ ਕਰਨ ਬਦਲੇ 20 ਹਜ਼ਾਰ ਰੁਪਏ ਰਿਸ਼ਵਤ ਮੰਗੀ ਹੈ। ਜਿਸ ਨੂੰ ਮਾਲ ਰਿਕਾਰਡ ਵਿੱਚ ਅਸਲ ਕਰਜ਼ਾ 9 ਲੱਖ ਰੁਪਏ ਦੀ ਬਜਾਏ ਗਲਤੀ ਨਾਲ 90 ਲੱਖ ਰੁਪਏ ਲਿਖਿਆ ਗਿਆ ਸੀ।
ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਅੰਮ੍ਰਿਤਸਰ ਰੇਂਜ ਦੀ ਵਿਜੀਲੈਂਸ ਬਿਊਰੋ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।
ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਉਕਤ ਪਟਵਾਰੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਮੁਲਜ਼ਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਵਿਜੀਲੈਂਸ ਬਿਊਰੋ ਯੂਨਿਟ ਅੰਮ੍ਰਿਤਸਰ ਵੱਲੋਂ ਇਸ ਕੇਸ ਹੋਰ ਜਾਂਚ ਜਾਰੀ ਹੈ।

# ਬਾਦਲ ਦਲ ਨੇ ਸਿਰਫ ਇਕ ਕੌਂਸਲਰ ਨੂੰ ਨੋਟਿਸ ਭੇਜ ਕੇ ਸੱਤਾਧਾਰੀ 'ਆਪ' ਨਾਲ ਗਠਜੋੜ ਦਾ ਦਿੱਤਾ ਸਬੂਤ: ਬੰਟੀ ਵਾਲੀਆ

ਫਗਵਾੜਾ 7 ਫਰਵਰੀ ( ਸੁਸ਼ੀਲ ਸ਼ਰਮਾ )
ਕਾਂਗਰਸੀ ਕੌਂਸਲਰ ਅਤੇ ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੇ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ ਨੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੌਂਸਲਰ ਜਸਵਿੰਦਰ ਕੌਰ ਅਤੇ ਉਹਨਾਂ ਦੇ ਪਤੀ ਬਲਜਿੰਦਰ ਸਿੰਘ ਠੇਕੇਦਾਰ ਨੂੰ ਕਾਂਗਰਸ ਵਲੋਂ ਮੇਅਰ ਦੇ ਦਾਅਵੇਦਾਰ ਦੇ ਹੱਕ ਵਿੱਚ ਭੁਗਤਣ ਲਈ ਭੇਜੇ ਕਾਰਨ ਦੱਸੋ ਨੋਟਿਸ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਇੱਕ ਕੌਂਸਲਰ ਨੂੰ ਕਾਂਗਰਸ ਦੇ ਹੱਕ 'ਚ ਭੁਗਤਣ ਲਈ ਕਾਰਨ ਦੱਸੋ ਨੋਟਿਸ ਭੇਜ ਕੇ ਸ਼੍ਰੋਮਣੀ ਅਕਾਲੀ ਦਲ ਨੇ ਸੱਤਾਧਾਰੀ ਆਮ ਆਦਮੀ ਪਾਰਟੀ ਤੇ ਭਗਵੰਤ ਮਾਨ ਸਰਕਾਰ ਨਾਲ ਅੰਦਰਖਾਤੇ ਭਾਈਵਾਲ ਹੋਣ ਦਾ ਪ੍ਰਤੱਖ ਸਬੂਤ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਦੋ ਹੋਰ ਕੌਂਸਲਰਾਂ ਨੇ ਵੀ ਪਾਰਟੀ ਲਾਈਨ ਪਾਰ ਕਰਕੇ 'ਆਪ' ਦੇ ਮੇਅਰ ਦਾ ਸਮਰਥਨ ਕੀਤਾ ਪਰ ਉਨ੍ਹਾਂ ਨੂੰ ਕੋਈ ਨੋਟਿਸ ਜਾਰੀ ਨਹੀਂ ਕੀਤਾ ਗਿਆ। ਜਦੋਂਕਿ ਚੋਣਾਂ ਤੋਂ ਪਹਿਲਾਂ ਅਕਾਲੀਆਂ ਦਾ ਭਾਜਪਾ ਨਾਲ ਗਠਜੋੜ ਸੀ। ਚੋਣ ਪ੍ਰਚਾਰ ਦੌਰਾਨ ਅਕਾਲੀ ਆਗੂ ਭਗਵੰਤ ਮਾਨ ਸਰਕਾਰ ਵਿਰੁੱਧ ਜ਼ੋਰਦਾਰ ਪ੍ਰਚਾਰ ਕਰ ਰਹੇ ਸਨ। ਬਾਅਦ ਵਿਚ ਜਦੋਂ ਮੇਅਰ ਦੇ ਅਹੁਦੇ ਦੀ ਗੱਲ ਆਈ ਤਾਂ ਉਨ੍ਹਾਂ ਨੇ ਸੱਤਾਧਾਰੀ ਧਿਰ ਦਾ ਪੱਲਾ ਫੜ ਲਿਆ। ਜਿਸ ਤੋਂ ਸਪਸ਼ਟ ਹੈ ਕਿ ਅਕਾਲੀਆਂ ਦਾ ਕੋਈ ਸਟੈਂਡ ਨਹੀਂ ਹੈ। ਉਨ੍ਹਾਂ ਕਿਹਾ ਕਿ ਅਕਾਲੀਆਂ ਕੋਲ ਸਿਰਫ ਤਿੰਨ ਕੌਂਸਲਰ ਹਨ। ਇਸ ਲਈ ਉਹ ਪੰਜਾਹ ਕੌਂਸਲਰਾਂ ਵਾਲੇ ਹਾਊਸ ਵਿੱਚ ਆਪਣਾ ਮੇਅਰ ਬਣਾਉਣ ਦੀ ਸਥਿਤੀ ਵਿੱਚ ਨਹੀਂ ਸਨ। ਉਹਨਾਂ ਕੋਲ ਦੋ ਹੀ ਵਿਕਲਪ ਸਨ। ਜਿਸ ਵਿੱਚ ਪਹਿਲਾ ਇਹ ਕਿ ਉਹ ਵੋਟਿੰਗ ਵਿੱਚ ਹਿੱਸਾ ਨਾ ਲੈਣ। ਦੂਜਾ, ਕਾਂਗਰਸ ਜਾਂ ਆਪ ਵਿੱਚੋਂ ਕਿਸੇ ਇੱਕ ਧਿਰ ਦਾ ਸਮਰਥਨ ਕਰਨ। ਅਕਾਲੀ ਕੌਂਸਲਰਾਂ ਨੇ ਆਪਣੀ ਪਸੰਦ ਨਾਲ ਮੇਅਰ ਦੇ ਦਾਅਵੇਦਾਰਾਂ ਦੀ ਹਮਾਇਤ ਕੀਤੀ ਅਤੇ ਇਕ ਕੌਂਸਲਰ ਨੇ ਕਾਂਗਰਸ ਦਾ ਸਮਰਥਨ ਜਦਕਿ ਦੋ ਹੋਰਾਂ ਨੇ 'ਆਪ' ਦਾ ਸਮਰਥਨ ਕੀਤਾ। ਪਰ ਅਕਾਲੀ ਲੀਡਰਸ਼ਿਪ ਨੇ 'ਆਪ' ਪਾਰਟੀ ਦਾ ਸਮਰਥਨ ਕਰਨ ਵਾਲੇ ਕੌਂਸਲਰਾਂ ਨੂੰ ਕੋਈ ਕਾਰਨ ਦੱਸੋ ਨੋਟਿਸ ਨਹੀਂ ਭੇਜਿਆ। ਜਿਸ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਉਨ੍ਹਾਂ ਦਾ ਮਕਸਦ ਫਗਵਾੜਾ ਵਿੱਚ ਲੋਕ ਫਤਵੇ ਦੇ ਉਲਟ ਕਾਂਗਰਸ ਨੂੰ ਸੱਤਾ ਤੋਂ ਲਾਂਭੇ ਕਰਨਾ ਸੀ। ਬੰਟੀ ਵਾਲੀਆ ਨੇ ਕਿਹਾ ਕਿ ਫਗਵਾੜਾ ਦੇ ਲੋਕ ਬਹੁਤ ਸੂਝਵਾਨ ਹਨ। ਉਹ ਅਕਾਲੀਆਂ ਨੂੰ ਆਪਣੀ ਜ਼ਮੀਰ ਵੇਚਦੇ ਹੋਏ ਵੀ ਦੇਖ ਰਹੀ ਹੈ ਅਤੇ ਨਿਗਮ ਚੋਣਾਂ ਤੋਂ ਬਾਅਦ ਆਪ ਪਾਰਟੀ ਅਤੇ ਭਗਵੰਤ ਮਾਨ ਸਰਕਾਰ ਨੂੰ ਲੋਕਤੰਤਰ ਦੀਆਂ ਧੱਜੀਆਂ ਉਡਾਉਂਦੇ ਵੀ ਡੂੰਘੀ ਨਜ਼ਰ ਨਾਲ ਦੇਖ ਰਹੇ ਹਨ। ਜਿਸਦਾ ਜਵਾਬ ਪੰਜਾਬ ਦੇ ਲੋਕ 2027 ਦੀਆਂ ਪੰਜਾਬ ਵਿਧਾਨਸਭਾ ਚੋਣਾਂ ਦੌਰਾਨ ਇਹਨਾਂ ਦੋਵੇਂ ਧਿਰਾਂ ਦਾ ਬਿਸਤਰ ਗੋਲ ਕਰਦਿਆਂ ਕਾਂਗਰਸ ਦੇ ਹੱਥ 'ਚ ਸੱਤਾ ਦੇ ਕੇ ਦੇਣਗੇ ਤਾਂ ਜੋ ਪੰਜਾਬ ਵਿਚ ਲੋਕਤੰਤਰ ਨੂੰ ਮੁੜ ਸੁਰਜੀਤ ਕੀਤਾ ਜਾ ਸਕੇ।



# ਨਗਰ ਪੰਚਾਇਤ ਘੜੂੰਆਂ ਦਾ ਤਾਜਪੋਸ਼ੀ ਸਮਾਗਮ ਹੋਇਆ



ਖਰੜ, (ਕਾਲਾਂ ਸਿੰਘ ਸੈਣੀ )- ਨਗਰ ਪੰਚਾਇਤ ਘੜੂੰਆਂ ਦੀ ਹੋਈ ਚੋਣ ਤੋਂ ਬਾਅਦ ਅੱਜ ਨਗਰ ਪੰਚਾਇਤ ਘੜੂੰਆਂ ਦੇ ਪ੍ਰਧਾਨ ਦਾ ਤਾਜਪੋਸ਼ੀ ਸਮਾਗਮ ਹੋਇਆ। ਇਸ ਸਮਾਗਮਾਂ ਵੱਚ ਸ੍ਰੀ ਚਮਕੌਰ ਸਾਹਿਬ ਤੋਂ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਵਲੋਂ ਵਿਸ਼ੇਸ਼ ਤੌਰ ਤੇ ਸਿ਼ਰਕਤ ਕੀਤੀ। ਇਸ ਮੌਕੇ ਉਨਾਂ ਨਗਰ ਪੰਚਾਇਤ ਘੜੂੰਆਂ ਦੀ ਪਹਿਲੀ ਮਹਿਲਾ ਪ੍ਰਧਾਨ ਬਣੀ ਮਨਮੀਤ ਕੌਰ ਨੂੰ ਸਿਰਪਾਓ ਪਾ ਕੇ ਨਗਰ ਪੰਚਾਇਤ ਘੜੂੰਆਂ ਦੀ ਜਿੰਮੇਵਾਰੀ ਸੰਭਾਲੀ। ਇਸ ਮੌਕੇ ਵਿਧਾਇਕ ਡਾ. ਚਰਨਜੀਤ ਸਿੰਘ ਨੇ ਗੱਲਬਾਤ ਕਰਦਿਆਂ ਕਹਾਂ ਕ ਨਗਰ ਪੰਚਾਇਤ ਘੜੂੰਆਂ ਦੇ ਸਮੂਹ ਕੌਂਸਲਰ ਤੇ ਇੱਥੋਂ ਦੇ ਨਿਵਾਸੀ ਵਧਾਈ ਦੇ ਪਾਤਰ ਹਨ ਕਿ ਅੱਜ ਨਗਰ ਪੰਚਾਇਤ ਘੜੂੰਆਂ ਦੀ ਵਾਗ ਡੋਰ ਮਹਿਲਾਵਾਂ ਦੇ ਹੱਥ ਆਈ ਹੈ। ਉਨਾਂ ਕਹਾਂ ਕ ਇਤਿਹਾਸਕ ਅਤੇ ਵਿਰਾਸਤ ਪੱਖੋਂ ਅਮੀਰ ਨਗਰ ਘੜੂੰਆਂ ਨੂੰ ਟੂਰਿਜਮ ਹੱਬ ਵੱਲੋਂ ਸਾਹਮਣੇ ਲੈ ਕੇ ਆਇਆ ਜਾਵੇਗਾ ਅਤੇ ਇਲਾਕੇ ਦੇ ਵਿਕਾਸ ਦੇ ਕੰਮ ਪਹਿਲ ਦੇ ਅਧਾਰ ਤੇ ਕੀਤੇ ਜਾਣਗੇ। ਇਸ ਮੌਕੇ ਪ੍ਰਧਾਨ ਬੀਬਾ ਮਨਮੀਤ ਕੌਰ ਨੇ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਜਿੰਮੇਵਾਰੀ ਉਹਨਾਂ ਸੰਭਾਲੀ ਗਈ ਹੈ ਉਸ ਨੂੰ ਉਹ ਉਸਨੂੰ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਸਮੂਹ ਕੌਂਸਲਰਾਂ ਨੂੰ ਨਾਲ ਲੈ ਕੇ ਵਿਕਾਸ ਦੇ ਕੰਮ ਕਰਵਾਉਣਗੇ। ਇਸ ਮੌਕੇ ਹਲਕਾ ਵਿਧਾਇਕ ਦੇ ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆਂ, ਜਸਵਿੰਦਰ ਕੌਰ, ਰੀਆ, ਮਨਪ੍ਰੀਤ ਸਿੰਘ, ਜਸਵਿੰਦਰ ਕੌਰ, ਨਰਿੰਦਰ ਸਿੰਘ, ਗਗਨਪ੍ਰੀਤ ਸਿੰਘ, ਸੁਖਜੀਤ ਕੌਰ (ਸਾਰੇ ਕੌਂਸਲਰ) ਬਲਾਕ ਪ੍ਰਧਾਨ ਮਨਦੀਪ ਸਿੰਘ, ਡਾਕਟਰ ਰੋਬਿਨ, ਅਤੇ ਨਗਰ ਨਿਵਾਸੀ ਹਾਜ਼ਰ ਸਨ।

# ਵਕਤ ਸਿਰ ਚੇਤਨ ਹੋਣਾ,ਕੈਂਸਰ ਕੰਟਰੋਲ ਦੀ ਕੂੰਜੀ-ਡਾ.ਰਿਚਾ ਭਾਟੀਆ

## ☛ ਕੈਂਸਰ ਦੇ ਲੱਛਣਾਂ ਨੂੰ ਨਾ ਕਰੋ ਨਜ਼ਰਅੰਦਾਜ਼-ਡਾ.ਰਿਚਾ ਭਾਟੀਆ

ਫਗਵਾੜਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਰਿਚਾ ਭਾਟੀਆ ਜੀ ਦੀ ਯੋਗ ਅਗਵਾਈ ਚ ਅੱਜ ਵਿਸ਼ਵ ਕੈਂਸਰ ਜਾਗਰੂਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਹਾਜ਼ਰੀਨਾਂ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਰਿਚਾ ਭਾਟੀਆ ਨੇ ਕਿਹਾ ਕਿ ਹਰ ਸਾਲ 4 ਤੋਂ 12 ਫਰਵਰੀ ਨੂੰ ਵਿਸ਼ਵ ਕੈਂਸਰ ਜਾਗਰੂਕਤਾ ਦਿਵਸ ਵਜੋਂ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਭੱਜ-ਦੌੜ ਭਰੀ ਜ਼ਿੰਦਗੀ ਵਿਚ ਅਸੀਂ ਆਪਣੀ ਸਿਹਤ ਵੱਲ ਧਿਆਨ ਦੇਣਾ ਭੁੱਲਦੇ ਜਾ ਰਹੇ ਹਾਂ ਜਿਸ ਦੇ ਸਿੱਟੇ ਵਜੋਂ ਅਸੀਂ ਅਨੇਕਾਂ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੁੰਦੇ ਜਾਂ ਰਹੇ ਹਾਂ,ਕੈਂਸਰ ਦੀ ਬਿਮਾਰੀ ਉਨ੍ਹਾਂ ਚੋਂ ਇਕ ਹੈ। ਉਨ੍ਹਾਂ ਕਿਹਾ ਕਿ ਵਕਤ ਸਿਰ ਚੇਤਨ ਹੋਣਾ,ਕੈਂਸਰ ਕੰਟਰੋਲ ਦੀ ਕੁੰਜੀ ਹੈ। ਕੈਂਸਰ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਛਾਤੀ ਵਿਚ ਗਿਲਟੀਆਂ,ਲਗਾਤਾਰ ਖੰਘ ਤੇ ਅਵਾਜ ਚ ਭਾਰੀਪਨ, ਮਹਾਮਾਰੀ ਚ ਖੂਨ ਜ਼ਿਆਦਾ ਆਉਣਾ ਅਤੇ ਮਹਾਂਮਾਰੀ ਤੋਂ ਇਲਾਵਾ ਖੂਨ ਆਉਣਾ,ਨਾ ਠੀਕ ਹੋਣ ਵਾਲੇ ਮੂੰਹ ਦੇ ਛਾਲੇ, ਲਗਾਤਾਰ ਘੱਟ ਭਾਰ ਦਾ ਘਟਣਾ ਅਤੇ ਲਗਾਤਾਰ ਬੁਖਾਰ ਦਾ ਚੜਨਾ ਉਤਰਨਾ ਇਸ ਦੀਆਂ ਮੁੱਖ ਨਿਸ਼ਾਨੀਆਂ ਹਨ ਜੇਕਰ ਕਿਸੇ ਵਿਅਕਤੀ ਵਿਚ ਇਹ ਅਲਾਮਤਾਂ ਨਜ਼ਰ ਆਉਂਦੀਆਂ ਹਨ ਤਾਂ ਤੁਰੰਤ ਮਾਹਿਰ ਡਾਕਟਰ ਨਾਲ ਸੰਪਰਕ ਕਰਕੇ ਟੈਸਟ ਕਰਵਾਉਣੇ ਚਾਹੀਦੇ ਹਨ। ਡਾ.ਰਿਚਾ ਭਾਟੀਆ ਨੇ ਕੈਂਸਰ ਤੋਂ ਬਚਾਅ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਨੂੰ ਸੰਤੁਲਿਤ ਭੋਜਨ ਹੀ ਖਾਣਾ ਚਾਹੀਦਾ ਹੈ,ਸਰੀਰ ਦੇ ਕਿਸੇ ਵੀ ਹਿੱਸੇ ਚ ਰਸੌਲੀ ਜਾ ਗਿਲਟੀ ਹੋ ਦੀ ਸੂਰਤ ਚ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ। ਬੀੜੀ ਸਿਗਰਟ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਜ਼ਿਆਦਾ ਚਰਬੀ ਵਾਲੇ ਖਾਧ ਪਦਾਰਥਾਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਇਸ ਮੌਕੇ ਏ.ਸੀ.ਐਸ.ਡਾ.ਅੰਨੂ ਸ਼ਰਮਾ,ਡੀ.ਐਚ.ਓ.ਡਾ.ਰਾਜੀਵ ਪਰਾਸ਼ਰ,ਐਸ.ਐਮ.ਓ.ਡਾ. ਪ੍ਰੇਮ ਕੁਮਾਰ,ਡਾ.ਰਾਜੀਵ ਭਗਤ,ਡਾ. ਨਵਪ੍ਰੀਤ ਕੌਰ,ਸੁਪਰਡੈਂਟ ਹਰੀ ਦੱਤ,ਸੁਪਰਡੈਂਟ ਰਾਮ ਅਵਤਾਰ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਸੁਖਦਿਆਲ ਸਿੰਘ,ਬੀ.ਈ.ਈ ਰਵਿੰਦਰ ਜੱਸਲ,ਬੀ.ਸੀ.ਸੀ.ਜੋਤੀ ਅਨੰਦ, ਐਲ.ਐਚ. ਵੀ.ਨਰਿੰਦਰ ਕੌਰ,ਅਵਨੇਸ,ਅਸ਼ਵਿੰਦਰ,ਰਮਿੰਦਰ ਕੌਰ,ਬਲਬੀਰ ਕੌਰ,ਸ਼ਰਨਜੀਤ ਕੌਰ,ਰਜਨੀ ਬਾਲਾ, ਬਲਬੀਰ ਕੌਰ, ਲਵਪ੍ਰੀਤ ਕੌਰ ਸਮੇਤ ਵੱਡੀ ਗਿਣਤੀ ਵਿਚ ਸਟਾਫ ਮੈਂਬਰ ਆਦਿ ਹਾਜ਼ਰ ਸਨ।



# ਸ੍ਰੀ ਗੁਰੂ ਰਵੀਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਦੇ ਮੱਦੇਨਜਰ ਸਿਹਤ ਵਿਭਾਗ ਵੱਲੋਂ ਕੰਟਰੋਲ ਰੂਮ ਹੈਲਪਲਾਈਨ ਨੰਬਰ 0181-5083336 ਜਾਰੀ

ਫ਼ਗਵਾੜਾ (ਸੁਸ਼ੀਲ ਸ਼ਰਮਾ) ਸ੍ਰੀ ਗੁਰੂ ਰਵੀਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਮਿਤੀ 12 ਫਰਵਰੀ ਨੂੰ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਜਿਸਦੇ ਸੰਬੰਧ ਵਿੱਚ ਵਿਸ਼ਾਲ ਸ਼ੋਭਾ ਯਾਤਰਾ ਮਿਤੀ 11 ਫਰਵਰੀ,2025 ਨੂੰ ਜਲੰਧਰ ਸ਼ਹਿਰ ਵਿੱਚ ਕੱਢੀ ਜਾ ਰਹੀ ਹੈ। ਇਸ ਸ਼ੋਭਾ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਹੋਣਗੇ। ਇਸ ਨੂੰ ਮੁੱਖ ਰੱਖਦਿਆਂ ਸਿਹਤ ਵਿਭਾਗ ਜਲੰਧਰ ਵੱਲੋਂ ਸਿਹਤ ਸੇਵਾਵਾਂ ਦੇਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਸਿਵਲ ਸਰਜਨ ਡਾ. ਗੁਰਮੀਤ ਲਾਲ ਨੇ ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 11 ਫਰਵਰੀ 2025 ਨੂੰ ਸਿਹਤ ਵਿਭਾਗ ਵੱਲੋਂ 8 ਮੈਡੀਕਲ ਟੀਮਾਂ ਦੀ ਡਿਊਟੀ 108 ਐਂਬੂਲੈਂਸਾਂ ਨਾਲ ਜਲੰਧਰ ਦੇ 8 ਮੁੱਖ ਚੌਂਕਾ ਵਡਾਲਾ ਚੌਂਕ, ਰਵਿਦਾਸ ਧਾਮ,ਨਕੋਦਰ ਚੌਂਕ,ਜਯੋਤੀ ਚੌਂਕ,ਰਾਮ ਚੋਕ ਮਿਲਾਪ ਚੋਕ,ਪਟੇਲ ਚੋਕ ਅਤੇ ਸਬਜੀ ਮੰਡੀ ਚੋਕ ਵਿਖੇ ਲਗਾਈ ਗਈ ਹੈ। ਇਸ ਦੇ ਨਾਲ ਹੀ ਗੁਰੂ ਰਵਿਦਾਸ ਮੰਦਿਰ, ਬੂਟਾ ਮੰਡੀ ਵਿਖੇ ਮਿਤੀ 11 ਅਤੇ 12 ਫਰਵਰੀ ਨੂੰ ਮੈਡੀਕਲ ਟੀਮਾਂ ਅਤੇ 108 ਐਂਬੂਲੈਸ 24 ਘੰਟੇ ਤੈਨਾਤ ਰਹਿਣਗੀਆਂ।



ਸਿਵਲ ਸਰਜਨ ਨੇ ਦੱਸਿਆ ਕਿ 9 ਫਰਵਰੀ ਨੂੰ ਇੱਕ ਮੈਡੀਕਲ ਟੀਮ ਵਾਰਾਨਸੀ ਲਈ ਰਵਾਨਾ ਹੋਣ ਵਾਲੀ ਵਿਸ਼ੇਸ ਟ੍ਰੇਨ ਦੇ ਮੱਦੇਨਜਰ ਜਲੰਧਰ ਰੇਲਵੇ ਸਟੇਸ਼ਨ ਤੇ ਸਵੇਰੇ 8 ਵਜੇ ਤੋਂ 1:30 ਵਜੇ ਤੱਕ ਅਤੇ ਇੱਕ ਮੈਡੀਕਲ ਟੀਮ ਟ੍ਰੇਨ ਦੇ ਵਿੱਚ ਸੰਗਤ ਦੇ ਨਾਲ ਤੈਨਾਤ ਰਹੇਗੀ। ਉਨ੍ਹਾਂ ਦੱਸਿਆ ਕਿ ਮਿਤੀ 12 ਫਰਵਰੀ 2025 ਨੂੰ ਹੋਣ ਵਾਲੇ ਧਾਰਮਿਕ ਸਮਾਗਮਾਂ ਦੌਰਾਨ ਭਾਰੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਹੋਣਗੇ। ਇਸਦੇ ਮੱਦੇਨਜਰ ਕਿਸੇ ਵੀ ਐਮਰਜੈਂਸੀ ਨਾਲ ਨਜਿੱਠਣ ਲਈ ਜਲੰਧਰ ਦੇ ਨਕੋਦਰ ਚੌਂਕ, ਰਵਿਦਾਸ ਚੌਂਕ ਅਤੇ ਬਬਰੀਕ ਚੌਂਕ ਵਿਖੇ ਮੈਡੀਕਲ ਟੀਮ ਅਤੇ 108 ਐਂਬੂਲੈਂਸ ਉਪਲੱਬਧ ਰਹੇਗੀ ਅਤੇ ਪਿਮਸ ਹਸਪਤਾਲ,ਆਰਥੋਨੋਵਾ ਹਸਪਤਾਲ ਅਤੇ ਸਿਵਲ ਹਸਪਤਾਲ ਜਲੰਧਰ ਵਿਖੇ ਟਰੋਮਾ ਸੈਂਟਰ ਬਣਾਏ ਗਏ ਹਨ।ਮੈਡੀਕਲ ਟੀਮਾਂ ਨੋਡਲ ਅਫ਼ਸਰ ਸਹਾਇਕ ਸਿਵਲ ਸਰਜਨ ਡਾ.ਜੋਤੀ ਫੁਕੇਲਾ ਦੀ ਸੁਪਰਵਿਜ਼ਨ ਵਿੱਚ ਤੈਨਾਤ ਰਹਿਣਗਿਆਂ,ਜਿਨ੍ਹਾਂ ਨਾਲ ਮੋਬਾਈਲ ਨੰਬਰ-89683-87579 ਤੇ ਸੰਪਰਕ ਕੀਤਾ ਜਾ ਸਕਦਾ ਹੈ। ਐਮਰਜੈਂਸੀ ਦੌਰਾਨ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ,ਜਿਸ ਦਾ ਹੈਲਪਲਾਈਨ 0181-5083336 ਨੰਬਰ ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਕੈਂਪ ਲਗਾਇਆ



ਖਰੜ, (ਕਾਲਾਿ ਸੰਘ ਸੈਣੀ )- ਆਪ ਦੀ ਸਰਕਾਰ ਆਪ ਦੇ ਦੁਆਰ ਤਿਹਤਿ ਪੰਡ ਝੰਜੇੜੀਿ ਵਖੇ 4ਿ ਪੰਡਾਂ ਦਾ ਸਾਂਝਾ ਕੈਂਪ ਲਗਾਇਆਿ ਗਆ।ਿ ਇਸ ਸਬੰਧੀ ਆਪ ਆਗੂ ਰਘਵੀਰਿ ਸੰਘ ਮੋਦੀ ਨੇ ਦੱਸਿਆਿ ਕਿ ਇਸ ਕੈਂਪਿ ਵੱਚ ਹਲਕਾਿ ਵਧਾਇਕ ਬੀਬਾ ਗਗਨ ਅਨਮੋਲ ਮਾਨ ਦੇ ਪਿਰਵਾਰਕ ਮੈਂਬਰ ਮੈਡਮ ਨੀਲਮ ਸੋਹੀ ਨੇਿ ਵਸ਼ੇਸ਼ ਤੌਰ 'ਤੇ ਪਹੁੰਚ ਕੇ ਕੈਂਪ ਦਾ ਜਾਇਜ਼ਾਿ ਲਆ।ਿ ਇਸ ਮੌਕੇ ਮੈਡਮ ਸੋਹੀ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਅਫਸਰਾਂ ਨੂੰ ਹਦਾਇਤਾਂ ਕੀਤੀਆਂਿ ਕ ਲੋਕਾਂ ਦੇ ਕੰਮ ਪਿਹਲ ਦੇ ਆਧਾਰ ਤੇ ਕੀਤੇ ਜਾਣ। ਉਨਾਂ ਦੱਸਿਆਿ ਕਿ ਇਸ ਕੈਂਪਿ ਵੱਚ ਝੰਜੇੜੀ,ਮਜਾਤ,ਟੋਡਰ ਮਾਜਰਾ ਅਤੇ ਸਵਾੜਾ ਦੀਆਂ ਪੰਚਾਇਤਾਂ ਦੇ ਲੋਕਾਂ ਨੇ ਆਪੋ-ਆਪਣੇ ਕੰਮ ਕਰਵਾਏ।ਿ ਇਸ ਮੌਕੇ ਨਾਇਬ ਤਿਹਸੀਲਦਾਰ ਮਨਪ੍ਰੀਤਿ ਸੰਘ,ਬੀ.ਡੀ.ਪੀ.ਓ ਖਰੜ ਮਿਹਕਮੀਤਿ ਸੰਘ,ਪਰਮਜੀਤ ਰਾਣਾ ਸਰਪੰਚ ਝੰਜੇੜੀ,ਗੁਰਿਵੰਦਰਿ ਸੰਘ ਮਜਾਤ,ਅਮਨਪ੍ਰੀਤ ਕੌਰ ਸਵਾੜਾ,ਸੁਖਿਵੰਦਰਿ ਸੰਘਿ ਬੱਟੂ,ਜਗਪ੍ਰੀਤਿ ਸੰਘ ਹਲਕਾ ਪ੍ਰਧਾਨ,ਰਾਮਾ ਰਾਣਾ,ਚਾਰਲੀ ਰਾਣਾਿ,ਭੰਦਰ ਰਾਣਾ,ਧਰਿਮੰਦਰਿ ਸੰਘ,ਸੁਖਦੇਵਿ ਸੰਘ ਅਤੇ ਹੋਰਿ ਪੰਡਿ ਨਵਾਸੀ ਹਾਜ਼ਰ ਸਨ।

# ਕਾਨਪੁਰ ਚ ਬਾਲ ਗੋਵਿੰਦ ਕਤਲ ਕਾਂਡ ਦੇ ਸਹੀ ਖੁਲਾਸੇ ਚ ਇੰਸਪੈਕਟਰ ਦਿਨੇਸ਼ ਬਿਸ਼ਟ ਨੇ ਸਚੇਂਦੀ ਚ ਦੋਵਾਂ ਲੜਕਿਆਂ ਨੂੰ ਗ੍ਰਿਫਤਾਰ ਕਰ ਲਿਆ ਹੈ।

ਕਾਨਪੁਰ।( ਸੁਨੀਲ ਬਾਜਪਾਈ ) ਭੌਂਟੀ ਖੇੜਾ ਵਿੱਚ ਵਾਪਰੇ ਬਾਲ ਗੋਵਿੰਦ ਕਤਲ ਕਾਂਡ ਦਾ ਸੱਚਖੰਡੀ ਪੁਲੀਸ ਦੀ ਸਰਗਰਮੀ ਨੇ ਸਹੀ ਖੁਲਾਸਾ ਕੀਤਾ ਹੈ। ਉਸ ਦਾ ਆਪਣੇ ਹੀ ਦੋ ਭਰਾਵਾਂ ਨੇ ਕੁਹਾੜੀ ਨਾਲ ਵਾਰ ਕਰਕੇ ਕਤਲ ਕਰ ਦਿੱਤਾ ਸੀ। ਉਸ ਦੇ ਦੋਵੇਂ ਜੀਜਾ ਆਪਣੇ ਜੀਜਾ ਬਾਲ ਗੋਵਿੰਦ ਵੱਲੋਂ ਆਪਣੀ ਭੈਣ ਦੀ ਕੁੱਟਮਾਰ ਕਰਨ ਤੋਂ ਬਹੁਤ ਨਾਰਾਜ਼ ਸਨ ਅਤੇ ਇਹੀ ਬਾਲ ਗੋਵਿੰਦ ਦੇ ਕਤਲ ਦਾ ਕਾਰਨ ਬਣ ਗਿਆ। ਜਿਸ ਤੋਂ ਬਾਅਦ ਇੰਸਪੈਕਟਰ ਦਿਨੇਸ਼ ਸਿੰਘ ਬਿਸ਼ਟ ਦੀ ਅਗਵਾਈ ਚ ਐਡੀਸ਼ਨਲ ਇੰਸਪੈਕਟਰ ਸਤਿੰਦਰ ਕੁਮਾਰ, ਸਬ-ਇੰਸਪੈਕਟਰ ਰਾਜਵੀਰ ਸਿੰਘ, ਬ੍ਰਿਜੇਸ਼ ਕੁਮਾਰ, ਕਾਂਸਟੇਬਲ ਰੋਹਿਤ ਅਤੇ ਸ਼ੈਲੇਸ਼ ਕੁਮਾਰ ਦੀ ਸਵਿਫਟ ਟੀਮ ਨੇ ਸਿਰਫ 12 ਘੰਟਿਆਂ ਦੇ ਅੰਦਰ ਹੀ ਦੋਵਾਂ ਕਾਤਲਾਂ ਨੂੰ ਗ੍ਰਿਫਤਾਰ ਕਰ ਲਿਆ ਅਤੇ ਕਤਲ ਦੇ ਮਾਮਲੇ ਨੂੰ ਸਹੀ ਢੰਗ ਨਾਲ ਅੰਜਾਮ ਦੇ ਕੇ ਆਪਣੀ ਡਿਊਟੀ ਪ੍ਰਤੀ ਲਗਨ ਦਾ ਸਬੂਤ ਦਿੱਤਾ।

ਪੁਲੀਸ ਅਨੁਸਾਰ ਗ੍ਰਿਫ਼ਤਾਰ ਕੀਤੇ ਗਏ ਰਾਜਕੁਮਾਰ ਅਤੇ ਸੰਦੀਪ ਰਾਤ ਕਰੀਬ 1 ਵਜੇ ਬਾਲ ਗੋਵਿੰਦ ਦੇ ਘਰ ਕੁਹਾੜੀ ਲੈ ਕੇ ਪੁੱਜੇ ਅਤੇ ਜਦੋਂ ਉਹ ਸੁੱਤਾ ਪਿਆ ਸੀ ਤਾਂ ਬਾਲ ਗੋਵਿੰਦ ਉੱਠ ਕੇ ਬਾਹਰ ਭੱਜਿਆ ਅਤੇ ਉਸ ਦੇ ਸਿਰ 'ਤੇ ਕੁਹਾੜੀ ਮਾਰ ਦਿੱਤੀ। ਇਸ ਤੋਂ ਬਾਅਦ ਕਈ ਹੋਰ ਹਮਲੇ ਕੀਤੇ ਗਏ। ਜ਼ਿਆਦਾ ਖ਼ੂਨ ਵਹਿਣ ਕਾਰਨ ਉਸ ਦੀ ਮੌਤ ਹੋ ਗਈ। ਕਤਲ ਦਾ ਇਹ ਮਾਮਲਾ ਬਾਲ ਗੋਵਿੰਦ ਦੇ ਪਿਤਾ ਰਾਮਸਨੇਹੀ ਦੀ ਸ਼ਿਕਾਇਤ ਤੇ ਰਾਜਕੁਮਾਰ ਅਤੇ ਸੰਦੀਪ ਦੋਵਾਂ ਖਿਲਾਫ ਦਰਜ ਕੀਤਾ ਗਿਆ ਹੈ।

ਇਹ ਵੀ ਦੱਸ ਦੇਈਏ ਕਿ ਬਾਲ ਗੋਵਿੰਦ ਕਤਲ ਕਾਂਡ ਦਾ ਸਹੀ-ਸਹੀ ਖੁਲਾਸਾ ਕਰਨ ਵਾਲੇ ਇੰਸਪੈਕਟਰ ਦਿਨੇਸ਼ ਸਿੰਘ ਬਿਸ਼ਟ ਹੁਣ ਤੱਕ ਜਿੱਥੇ-ਜਿੱਥੇ ਵੀ ਤਾਇਨਾਤ ਹਨ, ਉੱਥੇ ਪੀੜਤਾਂ ਦੀ ਹਰ ਸੰਭਵ ਮਦਦ ਕਰਨ ਦੇ ਨਾਲ-ਨਾਲ ਅਮਨ-ਕਾਨੂੰਨ ਦੇ ਪੱਖ ਤੋਂ ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਚ ਵੀ ਸਫਲ ਰਹੇ ਹਨ ਅਤੇ ਹੁਣ ਆਪਣੀ ਡਿਊਟੀ ਪ੍ਰਤੀ ਪੂਰੀ ਲਗਨ ਨਾਲ ਸਖ਼ਤ ਮਿਹਨਤ ਦੇ ਨਾਲ-ਨਾਲ ਪੀੜਤਾਂ ਦੇ ਹਿੱਤਾਂ ਚ ਲਗਾਤਾਰ ਸਰਗਰਮ ਹਨ।

ਜਿੱਥੋਂ ਤੱਕ ਬਾਲ ਗੋਵਿੰਦ ਕਤਲ ਕਾਂਡ ਨੂੰ ਸਹੀ ਢੰਗ ਨਾਲ ਉਜਾਗਰ ਕਰਨ ਦੇ ਸੰਦਰਭ ਵਿੱਚ ਫੁਰਤੀਲੇ, ਸੂਝਵਾਨ ਅਤੇ ਜੁਝਾਰੂ ਇੰਸਪੈਕਟਰ ਦਿਨੇਸ਼ ਸਿੰਘ ਬਿਸ਼ਟ ਦੀ ਇੰਸਪੈਕਟਰ-ਇਨ-ਚਾਰਜ ਸਚਾਂਦੀ ਵਜੋਂ ਚੁਣੌਤੀਪੂਰਨ ਨਿਯੁਕਤੀ ਦਾ ਸਵਾਲ ਹੈ, ਉਸ



ਨੇ ਹਮੇਸ਼ਾ ਹੀ ਕਾਨੂੰਨ ਵਿਵਸਥਾ ਅਤੇ ਪੀੜਤਾਂ ਦੇ ਹਿੱਤਾਂ ਦੇ ਵਿਰੁੱਧ ਆਪਣੀ ਡਿਊਟੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਈ ਹੈ। ਇੰਨਾ ਹੀ ਨਹੀਂ, ਇੰਸਪੈਕਟਰ ਦਿਨੇਸ਼ ਸਿੰਘ ਬਿਸ਼ਟ, ਜੋ ਕਿ ਯੂ.ਪੀ. ਪੁਲਿਸ ਸੇਵਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਇੱਕ ਮਿਹਨਤੀ, ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਦਾ ਵਿਸ਼ਲੇਸ਼ਣ ਕਰਦਾ ਹੈ, ਇਹ ਵੀ ਸਿੱਧ ਕਰਦਾ ਹੈ ਕਿ ਹਾਲਾਤ ਭਾਵੇਂ ਕੁਝ ਵੀ ਹੋਣ, ਇੰਸਪੈਕਟਰ ਦਿਨੇਸ਼ ਸਿੰਘ ਬਿਸ਼ਟ, ਜੋ ਕਿ ਆਪਣੇ ਪੈਰੋਕਾਰ ਵਿੱਚ ਦ੍ਰਿੜ ਸਨ, ਉਹ ਅਪਰਾਧਿਕ ਵਿਚਾਰਧਾਰਾ ਦੇ ਪ੍ਰਤੀ ਦ੍ਰਿੜ ਨਹੀਂ ਹਨ ਅੱਜ ਤੱਕ ਡਿਊਟੀ ਪ੍ਰਤੀ ਆਪਣੀ ਲਗਨ ਨਾਲ ਗੁੰਮ ਹੈ।

ਇਸ ਦੇ ਨਾਲ ਹੀ ਉਨ੍ਹਾਂ ਦੀ ਕਾਰਜਸ਼ੈਲੀ ਵੀ ਉੱਚ ਪੱਧਰ ਦੇ ਬੇਸਹਾਰਾ ਲੋਕਾਂ ਦਾ ਸ਼ੁਭਚਿੰਤਕ ਮੰਨੀ ਜਾਂਦੀ ਹੈ ਅਤੇ ਬਹੁਤ ਹੀ ਮਿਲਣਸਾਰ ਵੀ ਹੈ, ਇਸ ਅਨੁਸਾਰ ਇੰਸਪੈਕਟਰ ਦਿਨੇਸ਼ ਸਿੰਘ ਬਿਸ਼ਟ ਜੋ ਕਿ ਪਰਮਾਤਮਾ ਅਤੇ ਕਿਸਮਤ ਭਾਵ ਕਰਮ ਵਿੱਚ ਵਿਸ਼ਵਾਸ ਰੱਖਦੇ ਹਨ, ਲੋੜਵੰਦ ਲੋਕਾਂ ਦੀ ਹਰ ਸੰਭਵ ਮਦਦ ਕਰਦੇ ਹਨ। ਇਸ ਦੇ ਨਾਲ ਹੀ ਉਹ ਅਮਨ-ਕਾਨੂੰਨ ਦੇ ਪੱਖ ਵਿੱਚ ਅਪਰਾਧੀਆਂ ਵਿਰੁੱਧ 'ਸ਼ਤੇ ਸ਼ਤਯਮ ਸਮਾਚਾਰੇ' ਵਾਲੀ ਕਹਾਵਤ ਨੂੰ ਲਾਗੂ ਕਰਨ ਵਿੱਚ ਵੀ ਅਸਫਲ ਨਹੀਂ ਹੁੰਦਾ। ਇਹੀ ਕਾਰਨ ਹੈ ਕਿ ਥਾਣਾ ਸਚੰਦੀ ਦੇ ਇੰਚਾਰਜ ਇੰਸਪੈਕਟਰ ਦਿਨੇਸ਼ ਸਿੰਘ ਬਿਸ਼ਟ ਨੇ ਆਪਣੀ ਖਾੜਕੂ ਨੌਕਰੀ ਦੌਰਾਨ ਹੁਣ ਤੱਕ ਦੇ ਕਾਰਜਕਾਲ ਦੌਰਾਨ ਵਾਪਰੀਆਂ ਸਾਰੀਆਂ ਗੰਭੀਰ ਘਟਨਾਵਾਂ ਨੂੰ ਸਹੀ-ਸਹੀ ਖੁਲਾਸੇ ਕਰਕੇ ਦਰਜਨਾਂ ਬਦਮਾਸ਼ਾਂ ਨੂੰ ਸਬਕ ਸਿਖਾਉਣ ਵਿਚ ਸਫਲਤਾ ਹਾਸਲ ਕੀਤੀ ਹੈ। ਜਿਸ ਵਿੱਚ ਉਸ ਨੇ ਬਾਲ ਗੋਵਿੰਦ ਕਤਲ ਕਾਂਡ ਦਾ ਵੀ ਸਹੀ ਪਰਦਾਫਾਸ਼ ਕੀਤਾ ਹੈ।

**ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।**

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪਿੰਡ ਬੋਹਾਨੀ ਵਿਖੇ ਲਗਾਇਆ ਬੀਬੀ ਕੁਲਵੀਰ ਕੌਰ ਦੀ ਯਾਦ ਨੂੰ ਸਮਰਪਿਤ ਮੈਡੀਕਲ ਚੈਕਅੱਪ ਕੈਂਪ






ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰਵਾਸੀ ਭਾਰਤੀ ਸਰਦਾਰ ਕ੍ਰਿਪਾਲ ਸਿੰਘ ਜੱਸ ਨੇ ਆਪਣੀ ਧਰਮ ਪਤਨੀ ਬੀਬੀ ਕੁਲਵੀਰ ਕੌਰ ਦੀ ਮਿੱਠੀ ਯਾਦ ਨੂੰ ਸਮਰਪਿਤ ਪਹਿਲਾ ਫਰੀ ਮੈਡੀਕਲ ਕੈਂਪ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਬੰਗਾ ਰੋਡ ਫਗਵਾੜਾ ਦੇ ਸਹਿਯੋਗ ਨਾਲ ਗੁਰਦੁਆਰਾ ਸ਼੍ਰੀ ਸਿੰਘ ਸਭਾ ਪਿੰਡ ਬੋਹਾਨੀ ਵਿਖੇ ਲਗਾਇਆ ਗਿਆ। ਜਿਸਦਾ ਉਦਘਾਟਨ ਹੈੱਡ ਗ੍ਰੰਥੀ ਭਾਈ ਸੁਲੱਖਣ ਸਿੰਘ ਬੋਹਾਨੀ ਵਲੋਂ ਅਰਦਾਸ ਉਪਰੰਤ ਸ਼੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਦੇ ਪ੍ਰਧਾਨ ਪ੍ਰਦੀਪ ਧੀਮਾਨ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਬਲਵਿੰਦਰ ਸਿੰਘ ਤੁੰਗ ਅਤੇ ਸਰਪੰਚ ਭੁਪਿੰਦਰ ਸਿੰਘ ਤੁੰਗ ਨੇ ਸਾਂਝੇ ਤੌਰ ਤੇ ਕੀਤਾ। ਕੈਂਪ ਦੌਰਾਨ ਲੈਬ ਟੈਕਨੀਸ਼ੀਅਨ ਜਯੋਤੀ ਅਤੇ ਪ੍ਰਦੀਪ ਕੌਰ ਦੀ ਟੀਮ ਨੇ ਕਰੀਬ ਪੰਜਾਹ ਲੋੜਵੰਦ ਮਰੀਜਾਂ ਦੇ ਪੂਰੇ ਸਰੀਰ ਦੇ ਵੱਖ-ਵੱਖ ਟੈਸਟ ਕਰਕੇ ਲੋੜਵੰਦਾਂ ਨੂੰ ਦਵਾਈਆਂ ਫਰੀ ਵੰਡੀਆਂ। ਟਰੱਸਟ ਦੇ ਪ੍ਰਧਾਨ ਪ੍ਰਦੀਪ ਧੀਮਾਨ ਨੇ ਐਨ.ਆਰ.ਆਈ. ਕ੍ਰਿਪਾਲ ਸਿੰਘ ਜੱਸ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹਨਾਂ ਦੇ ਟਰੱਸਟ ਵਲੋਂ ਦਾਨੀ ਸੱਜਣਾਂ ਅਤੇ ਸਮਾਜ ਸੇਵੀ ਜੱਥੇਬੰਦੀਆਂ ਦੇ ਸਹਿਯੋਗ ਨਾਲ ਨਿਰੰਤਰ ਮੈਡੀਕਲ ਕੈਂਪ ਲਗਾਏ ਜਾਂਦੇ ਹਨ। ਜਿਹਨਾਂ ਵਿਚ ਫਰੀ ਟੈਸਟਾਂ ਤੋਂ ਇਲਾਵਾ ਅੱਖਾਂ ਦੇ ਆਪ੍ਰੇਸ਼ਨ ਕਰਵਾਏ ਜਾਂਦੇ ਹਨ। ਚੈਰੀਟੇਬਲ ਹਸਪਤਾਲ ਵਿਚ ਵੀ ਸਸਤੇ ਅਤੇ ਵਧੀਆ ਇਲਾਜ ਦਾ ਪ੍ਰਬੰਧ ਕੀਤਾ ਗਿਆ ਹੈ। ਐਨ.ਆਰ. ਆਈ. ਕ੍ਰਿਪਾਲ ਸਿੰਘ ਜੱਸ ਨੇ ਭਰੋਸਾ ਦਿੱਤਾ ਕਿ ਫਰੀ ਮੈਡੀਕਲ ਕੈਂਪ ਦੀ ਇਸ ਲੜੀ ਨੂੰ ਜਾਰੀ ਰੱਖਿਆ ਜਾਵੇਗਾ ਅਤੇ ਅਗਲੇ ਸਾਲ ਹੋਰ ਵੀ ਵੱਡੀ ਪੱਧਰ ਤੇ ਕੈਂਪ ਲਗਾਉਣਗੇ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਬਲਵਿੰਦਰ ਸਿੰਘ ਤੁੰਗ ਅਤੇ ਸਰਪੰਚ ਭੁਪਿੰਦਰ ਸਿੰਘ ਤੁੰਗ ਨੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਲੋੜਵੰਦਾਂ ਲਈ ਬਹੁਤ ਲਾਹੇਵੰਦ ਹੁੰਦੇ ਹਨ। ਉਹਨਾਂ ਐਨ.ਆਰ. ਆਈ. ਕ੍ਰਿਪਾਲ ਸਿੰਘ ਜੱਸ ਦੇ ਪਰਿਵਾਰ ਵਲੋਂ ਧਾਰਮਿਕ ਤੇ ਸਮਾਜਿਕ ਖੇਤਰ ਵਿਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਵੀ ਭਰਪੂਰ ਸ਼ਲਾਘਾ ਕੀਤੀ। ਪ੍ਰਬੰਧਕਾਂ ਵਲੋਂ ਪਤਵੰਤਿਆਂ ਅਤੇ ਡਾਕਟਰਾਂ ਦੀ ਟੀਮ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਦਵਿੰਦਰ ਪਾਲ ਸਿੰਘ, ਗੁਰਮੀਤ ਸਿੰਘ, ਸੁਰਿੰਦਰ ਕੌਰ, ਗੁਰਨਾਮ ਸਿੰਘ ਜੂਤਲਾ, ਇੰਦਰਜੀਤ ਸਿੰਘ ਮਠਾੜੂ, ਜਸਪਾਲ ਸਿੰਘ ਲੱਲ, ਜਸਵੀਰ ਸਿੰਘ, ਗੋਪੀ ਬੋਹਾਨੀ, ਸਰਬਜੀਤ ਕੌਰ, ਪਰਮਜੀਤ ਕੌਰ, ਗਿਆਨ ਕੌਰ, ਚਰਨਜੀਤ ਸਿੰਘ, ਜਗਜੀਤ ਸਿੰਘ, ਸਤਪਾਲ ਗੋਗਨਾ, ਧੀਰਜ ਕੁਮਾਰ, ਹਰਜੀਤ ਸਿੰਘ, ਅਮਰੀਕ ਸਿੰਘ, ਸਤਵਿੰਦਰ ਕੌਰ, ਪਰਮਿੰਦਰ ਕੌਰ, ਸੁਖਵਿੰਦਰ ਕੌਰ, ਸ਼ੀਲਾ ਰਾਣੀ, ਮਮਤਾ ਰਾਣੀ, ਕ੍ਰਿਸ਼ਨਾ ਰਾਣੀ, ਤਰਲੋਚਨ ਸਿੰਘ ਆਦਿ ਹਾਜਰ ਸਨ।

# ਰਾਮਗੜ੍ਹੀਆ ਕਾਲਜ ਔਲਡ ਸਟੂਡੈਂਟਸ ਐਸੋਸੀਏਸ਼ਨ ਦਾ ਮਿੱਤਰ ਮਿਲਨ ਸਮਾਗਮ 22 ਫਰਵਰੀ 2025 ਨੂੰ ਫਗਵਾੜਾ ਵਿਖੇ



ਫਗਵਾੜਾ, ( ਸੁਸ਼ੀਲ ਸ਼ਰਮਾ) ਰਾਮਗੜ੍ਹੀਆ ਕਾਲਜ ਔਲਡ ਸਟੂਡੈਂਟਸ ਐਸੋਸੀਏਸ਼ਨ ਦਾ ਤੀਸਰਾ ਸਲਾਨਾ ਮਿੱਤਰ ਮਿਲਨ ਸਮਾਗਮ 22 ਫਰਵਰੀ 2025, ਨੂੰ ਹੋਟਲ ਇਮਪੀਰੀਅਲ ਪੂਨਮ, ਫਗਵਾੜਾ ਵਿੱਚ ਮਨਾਇਆ ਜਾਵੇਗਾ। ਮਨੋਜ ਮਿੱਢਾ ਨੇ ਰਾਮਗੜ੍ਹੀਆ ਕਾਲਜ ਔਲਡ ਸਟੂਡੈਂਟਸ ਐਸੋਸੀਏਸ਼ਨ ਦੇ ਸਾਰੇ ਮੈਂਬਰਾਂ ਅਤੇ ਕਾਲਜ ਦੇ ਪੁਰਾਣੇ ਵਿਦਿਆਰਥੀਆਂ ਨੂੰ ਇਸ ਸਮਾਗਮ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

# ਕੈਂਸਰ ਵਰਗੀਆਂ ਬੀਮਾਰੀਆਂ ਦੇ ਰੋਕਥਾਮ ਲਈ ਕੁਦਰਤੀ ਖਾਣ ਵਾਲੇ ਪਦਾਰਥ ਵਰਤੇ ਜਾਣ-ਪਰਵਿੰਦਰ ਕੌਰ ਬੰਗਾ



ਫਗਵਾੜਾ (ਸੁਸ਼ੀਲ ਸ਼ਰਮਾ) ਬਲੱਡ ਬੈਂਕ ਫਗਵਾੜਾ ਵੱਲੋਂ ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਇਟੀ (ਯੂ.ਕੇ.) ਦੇ ਸਹਿਯੋਗ ਨਾਲ ਮੱਖਣ ਸਿੰਘ ਜੌਹਲ ਦੀ ਯਾਦ ਵਿੱਚ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਦਾ ਉਦਘਾਟਨ ਉੱਘੇ ਸਨੱਅਤਕਾਰ ਅਤੇ ਵਾਤਾਵਰਨ ਪ੍ਰੇਮੀ ਭਵਦੀਪ ਸਰਦਾਨਾ ਵੱਲੋਂ ਜੋਅਤੀ ਪ੍ਰਜਲਤ ਕਰਕੇ ਕੀਤਾ ਗਿਆ। ਉਹਨਾ ਆਪਣੇ ਉਦਘਾਟਨੀ ਭਾਸ਼ਣ ਵਿੱਚ ਕੈਂਸਰ ਤੋਂ ਬਚਾਅ ਲਈ ਖਾਣ-ਪੀਣ ਅਤੇ ਕਸਰਤ ਕਰਨ ਲਈ ਜ਼ੋਰ ਦਿੱਤਾ ਗਿਆ। ਸਤਿਕਾਰਤ ਮਹਿਮਾਨ ਮਿਸਜ਼ ਪਰਵਿੰਦਰ ਕੌਰ ਬੰਗਾ ਪ੍ਰਧਾਨ ਐਨ.ਆਰ.ਆਈ.ਸਭਾ ਵੱਲੋਂ ਬੱਲਡ ਬੈਂਕ ਵੱਲੋਂ ਕੀਤੇ ਜਾਂਦੇ ਸਮਾਜ ਭਲਾਈ ਦੇ ਕੰਮਾਂ ਦੀ ਪ੍ਰਸੰਸਾ ਕੀਤੀ ਅਤੇ ਆਪਣੇ ਪ੍ਰੂੰਜੀਵਤ ਭਾਸ਼ਣ ਵਿੱਚ ਖ਼ੂਨਦਾਨ ਕਰਨ, ਵਾਤਾਵਰਨ ਸੰਭਾਲਣ ਲਈ ਸੰਦੇਸ਼ ਦਿੱਤਾ ਤਾਂ ਜੋ ਸਾਡੀ ਸਿਹਤ ਠੀਕ ਰਹੇ ਅਤੇ ਕੈਂਸਰ ਵਰਗੀਆਂ ਬਿਮਾਰੀਆਂ ਨਾ ਲੱਗਣ। ਉਹਨਾ ਕੈਮੀਕਲ ਛੜਕਾਊ ਅਤੇ ਕੈਮੀਕਲ ਖਾਦਾਂ ਵਾਲੇ ਪਦਾਰਥਾਂ ਦੀ ਥਾਂ ਕੁਦਰਤੀ ਤਰੀਕੇ ਨਾਲ ਉਪਜਾਊ ਕੀਤੇ ਖਾਣ ਵਾਲੇ ਪਦਾਰਥਾਂ ਦੀ ਵਰਤੋਂ ਕਰਨ ਲਈ ਕਿਹਾ। ਉਹਨਾਂ ਹਾਜ਼ਰ ਲੜਕੀਆਂ ਨੂੰ ਬਾਹਰਲੇ ਦੇਸ਼ਾਂ ਵਿੱਚ ਜਾਣ ਤੋਂ ਗੁਰੇਜ਼ ਕਰਨ ਦਾ ਵੀ ਸੰਦੇਸ਼ ਦਿੱਤਾ। ਵਰਲਡ ਕੈਂਸਰ ਕੇਅਰ ਸੁਸਾਇਟੀ ਵੱਲੋਂ ਆਏ ਡਾਕਟਰਾਂ ਦੀ ਟੀਮ ਵੱਲੋਂ 300 ਤੋਂ ਵੱਧ ਮਰੀਜ਼ਾਂ ਦਾ ਚੈੱਕ ਅੱਪ ਕੀਤਾ ਅਤੇ ਲੋੜ ਅਨੁਸਾਰ ਉਹਨਾਂ ਦੇ ਟੈਸਟ, ਬੱਸਾਂ ਵਿੱਚ ਬਣਾਈਆਂ ਲੈਬੋਰਟ੍ਰੀਆਂ ਵਿੱਚ ਕੀਤੇ। ਟੈਸਟਾਂ ਵਿੱਚ ਔਰਤਾਂ ਦੀ ਛਾਤੀ ਲਈ ਮੈਮੋਗ੍ਰਾਫੀ ਟੈਸਟ,ਔਰਤਾਂ ਦੀ ਬੱਚੇਦਾਨੀ ਲਈ ਪੈਪ ਸਪੇਅਰ ਟੈਸਟ, ਬਲੱਡ ਕੈਂਸਰ ਦੀ ਜਾਂਚ ਦੇ ਟੈਸਟ, ਮੂੰਹ ਅਤੇ ਗਲੇ ਦੀ ਜਾਂਚ ਦੇ ਟੈਸਟ ਕੀਤੇ ਗਏ। ਮੌਕੇ ਉਤੇ ਜਨਰਲ ਚੈੱਕ ਅੱਪ ਵੀ ਕੀਤਾ ਗਿਆ ਅਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਲੋਕਾਂ ਨੂੰ ਕੈਂਸਰ ਦੀ ਬਿਮਾਰੀ ਤੋਂ ਬਚਾਅ ਬਾਰੇ ਭਾਸ਼ਣ ਵੀ ਦਿੱਤੇ ਗਏ। ਇਹਨਾਂ ਭਾਸ਼ਣ ਸੈਸ਼ਨਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ(ਲੜਕੇ),ਐਸ.ਡੀ, ਮਾਡਲ ਸਕੂਲ,ਐਸ.ਡੀ.ਕੰਨਿਆ ਮਹਾਂਵਿਦਿਆਲਾ ਸਕੂਲ,ਖਾਲਸਾ ਸਕੂਲ,ਆਰੀਆਂ ਮਾਡਲ ਸਕੂਲ,ਮਹਾਂਵੀਰ ਜੈਨ ਮਾਡਲ ਸਕੂਲ, ਕਮਲਾ ਨਹਿਰੂ ਪਬਲਿਕ ਸਕੂਲ,ਮਾਂ ਅੰਬੇ ਸਕੂਲ, ਗੁਰੂ ਰਵੀਦਾਸ ਕਾਲਜ, ਰਾਮਗੜ੍ਹੀਆ ਨਰਸਿੰਘ ਕਾਲਜ, ਵੋਕੇਸ਼ਨਲ ਸੈਂਟਰ ਸਰਬ ਨੌਜਵਾਨ ਸਭਾ ਦੇ ਬੱਚਿਆਂ ਨੇ ਭਾਗ ਲਿਆ ਅਤੇ ਕੈਂਸਰ ਜਾਗਰੂਕਤਾ ਬਾਰੇ ਲਈ ਜਾਣਕਾਰੀ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਵਾਇਦਾ ਕੀਤਾ। ਜਾਣਕਾਰੀ ਸੰਬੰਧੀ ਉਹਨਾਂ ਨੂੰ ਪੈਂਫਲੈਟ ਦਿੱਤੇ ਗਏ ਅਤੇ ਬੱਸਾਂ ਵਿੱਚ ਪ੍ਰੋਜੈਕਟਰਾਂ ਰਾਹੀਂ ਕੈਂਸਰ ਦੀ ਰੋਕਥਾਮ ਲਈ ਜਾਣਕਾਰੀ ਵਾਲੀਆਂ ਫ਼ਿਲਮਾਂ ਦਿਖਾ ਕੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕੀਤਾ ਗਿਆ।

ਇਸ ਕੈਂਪ ਦਾ ਪ੍ਰਬੰਧ ਕਰਨ ਲਈ ਬਲੱਡ ਬੈਂਕ ਦੇ ਚੇਅਰਮੈਨ ਕੇ.ਕੇ. ਸਰਦਾਨਾ ਦੀ ਦਿਸ਼ਾ-ਨਿਰਦੇਸ਼ਾਂ ਹੇਠ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ, ਪ੍ਰਿੰ. ਗੁਰਮੀਤ ਸਿੰਘ ਪਲਾਹੀ ਤੇ ਹਰਬੰਸ ਲਾਲ ਨੇ ਵਿਸ਼ੇਸ਼ ਸਹਿਯੋਗ ਦਿੱਤਾ।

ਇਸ ਕੈਂਪ ਨੂੰ ਕਾਮਯਾਬ ਬਣਾਉਣ ਲਈ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਵਿਦਿਆਰਥੀਆਂ ਨੇ ਵਿਸ਼ੇਸ਼ ਯੋਗਦਾਨ ਪਾਇਆ। ਕੈਂਪ ਵਿੱਚ ਸਹਿਯੋਗ ਦੇਣ ਲਈ ਡਾ.ਜਸਜੀਤ ਸਿੰਘ ਵਿਰਕ,ਕ੍ਰਿਸ਼ਨ ਕੁਮਾਰ, ਅਵਤਾਰ ਸਿੰਘ ਸੈਣੀ,ਮੋਹਨ ਲਾਲ ਤਨੇਜਾ,ਸੁਧਾ ਬੇਦੀ,ਗੁਲਸ਼ਨ ਕਪੂਰ, ਨਰਿੰਦਰ ਸੈਣੀ,ਕੁਲਦੀਪ ਦੁੱਗਲ,ਅਸ਼ੋਕ ਕੁਮਾਰ ਰਸ਼ਪਾਲ ਸਿੰਘ,ਰਮਨ ਕੁਮਾਰ,ਰੂਪ ਲਾਲ,ਰਾਮ ਲੁਭਾਇਆ,ਐਡਵੋਕੇਟ ਐਸ.ਐਲ.ਵਿਰਦੀ ਆਦਿ ਹਾਜ਼ਰ ਰਹੇ।

ਵਰਲਡ ਕੈਂਸਰ ਚੈਰੀਟੇਬਲ ਸੁਸਾਇਟੀ ਦੇ ਸੰਸਥਾਪਕ ਕੁਲਵੰਤ ਸਿੰਘ ਧਾਲੀਵਾਲ ਅਤੇ ਸਭ ਸਹਿਯੋਗੀਆਂ ਦਾ ਧੰਨਵਾਦ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਵੱਲੋਂ ਕੀਤਾ ਗਿਆ।

# ਅਰੁਨਾ ਚੌਧਰੀ ਨੇ ਦੀਨਾਨਗਰ ਚ ਨਿਸ਼ਚਲ ਡੈਂਟਲ ਕਲੀਨਿਕ ਦਾ ਕੀਤਾ ਉਦਘਾਟਨ।



ਦੀਨਾਨਗਰ (ਡਾ ਰਮੇਸ਼ ਸਰੰਗਲ ) ਦੀਨਾਨਗਰ ਚ ਅੱਜ ਨਿਸ਼ਚਲ ਡੈਂਟਲ ਕਲੀਨਿਕ ਦਾ ਉਦਘਾਟਨ ਸਾਬਕਾ ਮੰਤਰੀ ਅਤੇ ਵਿਧਾਇਕਾ ਅਰੁਨਾ ਚੋਧਰੀ ਵੱਲੋਂ ਕੀਤਾ ਗਿਆ । ਇਸ ਮੌਕੇ ਤੇ ਸੀਨੀਅਰ ਕਾਂਗਰਸੀ ਨੇਤਾ ਅਸ਼ੋਕ ਚੌਧਰੀ ਅਤੇ ਡਾਕਟਰ ਦੀਪਕ ਨਿਸ਼ਚਲ ਵੀ ਉਨ੍ਹਾਂ ਦੇ ਨਾਲ ਸਨ।

ਇਸ ਮੌਕੇ ਤੇ ਡਾਕਟਰ ਰਾਹੁਲ ਨਿਸ਼ਚਲ ਨੇ ਦੱਸਿਆ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਦੇਖਦੇ ਹੋਏ ਦੀਨਾਨਗਰ ਚ ਨਿਸ਼ਚਲ ਡੈਂਟਲ ਕਲੀਨਿਕ ਖੋਲਿਆ ਗਿਆ ਹੈ ਜਿਸਦਾ ਉਦਘਾਟਨ ਅੱਜ ਵਿਧਾਇਕਾ ਅਰੁਨਾ ਚੋਧਰੀ ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ ਹੈ। ਉਨਾਂ ਕਿਹਾ ਕਿ ਇਸ ਕਲੀਨਿਕ ਤੇ ਦੰਦਾਂ ਨਾਲ ਸਬੰਧਿਤ ਹਰ ਤਰ੍ਹਾਂ ਦੀਆਂ ਬੀਮਾਰੀਆਂ ਦਾ ਇਲਾਜ ਕੀਤਾ ਜਾਵੇਗਾ। ਇਸ ਮੌਕੇ ਤੇ ਸ਼ਹਿਰੀ ਪ੍ਰਧਾਨ ਮਨੋਜ ਗੁਪਤਾ, ਇੰਦੂ ਗੁਪਤਾ, ਸਾਬਕਾ ਸਰਪੰਚ ਦਲਬੀਰ ਸਿੰਘ ਬਿੱਟੂ, ਸ: ਅਜੀਤ ਸਿੰਘ, ਸਰਪੰਚ ਰਾਜ ਪਾਲ ਮੁਗਰਾਲਾ, ਕੌਂਸਲਰ ਅਜੇ ਕੁਮਾਰ, ਰਮੇਸ਼ ਅਗਰਵਾਲ, ਇੰਦਰਜੀਤ ਮਾਣਾ, ਸਤੀਸ਼ ਪੱਪੂ ਤੋਂ ਇਲਾਵਾ ਹੋਰ ਵੀ ਸ਼ਹਿਰ ਦੇ ਪਤਵੰਤੇ ਲੋਕ ਹਾਜ਼ਰ ਸਨ।

# ਅੰਮ੍ਰਿਤਸਰ ਵਿਕਾਸ ਅਥਾਰਟੀ ਨੇ ਨਾਜਾਇਜ਼ ਕਲੋਨੀਆਂ ਤੇ ਚਲਾਇਆ ਡਿਚ ਮਸ਼ੀਨ ਦਾ ਪੀਲਾ ਪੰਜਾ




ਅੰਮ੍ਰਿਤਸਰ (ਲੋਕ ਬਾਣੀ)

ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ, ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਡਿਊਟੀ ਮੈਜਿਸਟ੍ਰੇਟ ਜਗਬੀਰ ਸਿੰਘ, ਉੱਪ-ਮੰਡਲ ਇੰਜੀਨੀਅਰ (ਜਸ), ਏਡੀਏ, ਅੰਮ੍ਰਿਤਸਰ ਅਤੇ ਥਾਣਾ ਕੱਥੂਨੰਗਲ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਅੰਮ੍ਰਿਤਸਰ-ਪਠਾਨਕੋਟ ਨੈਸ਼ਨਲ ਹਾਈਵੇਅ ਉੱਪਰ ਪਿੰਡ ਪਾਖਰਪੁਰਾ ਅਤੇ ਪਿੰਡ ਕੱਥੂਨੰਗਲ ਵਿਖੇ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ। ਜਿਲ੍ਹਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਪਾਖਰਪੁਰਾ ਅਤੇ ਪਿੰਡ ਕੱਥੂਨੰਗਲ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਹਨਾਂ ਵਿਰੁੱਧ ਮਿਤੀ 7 ਫਰਵਰੀ 2025 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਇਹਨਾਂ ਅਣ-ਅਧਿਕਾਰਤ ਕਲੋਨੀਆ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਦੇ ਤਹਿਤ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

ਇਸ ਤੋਂ ਇਲਾਵਾ ਇਹਨਾਂ ਅਣ-ਅਧਿਕਾਰਤ ਕਲੋਨੀਆਂ ਖਿਲਾਫ ਪਹਿਲਾਂ ਵੀ ਮਿਤੀ 16 ਜਨਵਰੀ 2025 ਰਾਹੀਂ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਸੀ ਪਰ ਕਲੋਨੀ ਦੇ ਮਾਲਕਾਂ ਵੱਲੋਂ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਰਾਜਾਂ ਨੂੰ ਮੁੜ ਢਾਹਿਆ ਗਿਆ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਵਿਭਾਗ ਵੱਲੋਂ ਹੁਣ ਤੱਕ ਕੁੱਲ 15 ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਕਲੋਨਾਈਜਰਾਂ ਅਤੇ ਅਣ-ਅਧਿਕਾਰਤ ਉਸਾਰੀ ਕਰਨ ਵਾਲੇ ਉਸਾਰੀਕਰਤਾਵਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।

ਜਿਲ੍ਹਾ ਟਾਊਨ ਪਲੈਨਰ (ਰੈਗੂਲੇਟਰੀ), ਅੰਮ੍ਰਿਤਸਰ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋਂ ਇਲਾਵਾ ਉਹਨਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

# ਪਟਵਾਰ ਭਵਨ ਖਰੜ ਵਿਖੇ 25ਵਾਂ ਸਰਬ ਸਾਂਝਾ ਸ੍ਰੀ ਅਖੰਡ ਪਾਠ ਸਾਹਿਬ 10 ਫਰਵਰੀ ਨੂੰ

ਖਰੜ, (ਕਾਲਾ ਸਿੰਘ ਸੈਣੀ )-ਦੀ ਰੈਵੀਨਿਊ ਪਟਵਾਰ ਯੂਨੀਅਨ ਅਤੇ ਕਾਨੂੰਨਗੋ ਐਸੋਸੀਏਸ਼ਨ ਖਰੜ ਵਲੋਂ 25ਵਾਂ ਸਰਬ ਸਾਂਝਾ ਸ੍ਰੀ ਅਖੰਡ ਪਾਠ ਸਾਹਿਬ 10 ਫਰਵਰੀ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਗਤਾਰ ਸਿੰਘ ਤਹਿਸੀਲ ਪ੍ਰਧਾਨ ਖਰੜ ਨੇ ਦੱਸਿਆ ਕਿ ਹਰ ਸਾਲ ਦੀ ਤਰਾਂ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੂਰਬ ਨੂੰ ਸਮਰਪਿਤ ਸਮੂਹ ਪਟਵਾਰ ਯੂਨੀਅਨ ਅਤੇ ਕਾਨੂੰਨਗੋ ਐਸੋਸੀਏਸ਼ਨ ਵਲੋਂ 25ਵਾਂ ਸਰਬ ਸਾਂਝਾ ਸ੍ਰੀ ਅਖੰਡ ਪਾਠ ਸਾਹਿਬ ਪਟਵਾਰ ਭਵਨ ਤਹਿਸੀਲ ਖਰੜ ਵਿਖੇ ਕਰਵਾਇਆ ਜਾ ਰਿਹਾ ਹੈ। 8 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ 10 ਫਰਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰਦਾਸ ਤੋਂ ਉਪਰੰਤ ਦੀਵਾਨ ਸਜਾਏ ਜਾਣਗੇ ਇਸ ਮੌਕੇ ਰਾਗੀ ਜੱਥੇ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ ਉਪਰੰਤ ਗੁਰੂ ਕਾ ਲੰਗਰ ਵੀ ਵਰਤਾਇਆ ਜਾਵੇਗਾ।

# ਜ਼ੀ ਪੰਜਾਬੀ ਨੇ ਸਪੌਟਲਾਈਟ ਵਿਦ ਮੈਂਡੀ ਦਾ ਪਰਦਾਫਾਸ਼ ਕੀਤਾ - ਇੱਕ ਨਵਾਂ ਟਾਕ ਸ਼ੋਅ ਤੇ ਇੱਕ ਨਵਾਂ ਸ.ਫਰ




(ਲੋਕ ਬਾਣੀ) ਮਸ਼ਹੂਰ ਮੈਂਡੀ ਤੱਖਰ ਹਰ ਐਤਵਾਰ ਸ਼ਾਮ 7 ਵਜੇ ਮਸ਼ਹੂਰ ਹਸਤੀਆਂ ਦੀਆਂ ਕਹਾਣੀਆਂ ਅਤੇ ਪ੍ਰੇਰਣਾਦਾਇਕ ਕਹਾਣੀਆਂ ਲਿਆਉਣ ਲਈ ਪੂਰੀ ਤਰ੍ਹਾਂ ਤਿਆਰ ਹੈ!

ਜ਼ੀ ਪੰਜਾਬੀ ਨੂੰ 16 ਫਰਵਰੀ ਨੂੰ ਪ੍ਰੀਮੀਅਰ ਹੋਣ ਵਾਲੇ ਆਪਣੇ ਨਵੇਂ ਨਾਨ-ਫਿਕਸ਼ਨ ਟਾਕ ਸ਼ੋਅ, ਸਪੌਟਲਾਈਟ ਵਿਦ ਮੈਂਡੀ ਦੀ ਸ਼ੁਰੂਆਤ ਦਾ ਐਲਾਨ ਕਰਦੇ ਹੋਏ ਮਾਣ ਮਹਿਸੂਸ ਹੋ ਰਿਹਾ ਹੈ। ਹਰ ਐਤਵਾਰ ਸ਼ਾਮ 7 ਵਜੇ ਪ੍ਰਸਾਰਿਤ ਹੋਣ ਵਾਲੀ, ਇਹ ਜੀਵੰਤ ਲੜੀ ਮਨੋਰੰਜਨ ਜਗਤ ਦੇ ਸਭ ਤੋਂ ਚਮਕਦਾਰ ਸਿਤਾਰਿਆਂ ਦੇ ਜੀਵਨ ਅਤੇ ਕਰੀਅਰ ਬਾਰੇ ਇੱਕ ਗੂੜ੍ਹੀ ਝਲਕ ਪੇਸ਼ ਕਰਦੀ ਹੈ।

ਮਸ਼ਹੂਰ ਪੰਜਾਬੀ ਫਿਲਮ ਆਈਕਨ ਮੈਂਡੀ ਤੱਖਰ ਦੁਆਰਾ ਮੇਜ਼ਬਾਨੀ ਕੀਤੀ ਗਈ, ਇਸ ਸ਼ੋਅ ਵਿੱਚ ਫਿਲਮ ਜਗਤ ਦੀਆਂ ਚੋਟੀ ਦੀਆਂ ਮਸ਼ਹੂਰ ਹਸਤੀਆਂ ਨਾਲ ਜੀਵੰਤ ਅਤੇ ਸਪੱਸ਼ਟ ਗੱਲਬਾਤ ਪੇਸ਼ ਕੀਤੀ ਗਈ ਹੈ। ਸਪੌਟਲਾਈਟ ਵਿਦ ਮੈਂਡੀ ਦਰਸ਼ਕਾਂ ਨੂੰ ਪਰਦੇ ਦੇ ਪਿੱਛੇ ਲੈ ਜਾਂਦੀ ਹੈ, ਨਿੱਜੀ ਕਿੱਸਿਆਂ, ਕਰੀਅਰ ਦੇ ਮੀਲ ਪੱਥਰ, ਅਤੇ ਪੰਜਾਬੀ ਸਿਨੇਮਾ ਵਿੱਚ ਸਫਲਤਾ ਨੂੰ ਵਧਾਉਣ ਵਾਲੇ ਜਨੂੰਨ ਨੂੰ ਪ੍ਰਗਟ ਕਰਦੀ ਹੈ। ਇਸ ਦੇ ਪਹਿਲੇ ਸੀਜ਼ਨ ਵਿੱਚ, ਨਾਮਵਰ ਕਲਾਕਾਰਾਂ ਜਿਵੇਂ ਸਿਮਰ ਕੌਰ, ਕਰਤਾਰ ਚੀਮਾ, ਹਰਦੀਪ ਗਰੇਵਾਲ, ਹਿਮਾਂਸ਼ੀ ਖੁਰਾਣਾ, ਅਵੀਰਾ ਸਿੰਘ ਮੈਸਨ, ਜੈਸਮੀਨ ਬਾਜਵਾ, ਕੰਵਰ ਗਰੇਵਾਲ, ਅਤੇ ਹੋਰ ਬਹੁਤ ਸਾਰੇ ਕਲਾਕਾਰਾਂ ਦੀਆਂ ਅਣਸੁਣੀਆਂ ਕਹਾਣੀਆਂ ਨੂੰ ਪੇਸ਼ ਕੀਤਾ ਜਾਵੇਗਾ।

ਮਨੋਰੰਜਨ ਦੇ ਨਾਲ ਪ੍ਰੇਰਨਾ ਨੂੰ ਮਿਲਾਉਣ ਵਾਲੀਆਂ ਦਿਲਚਸਪ ਚਰਚਾਵਾਂ ਤੇ ਧਿਆਨ ਕੇਂਦ੍ਰਤ ਕਰਦੇ ਹੋਏ, ਸਪੌਟ ਲਾਈਟ ਵਿਦ ਮੈਂਡੀ ਫਿਲਮ ਇੰਡਸਟਰੀ ਦੀਆਂ ਮਸ਼ਹੂਰ ਹਸਤੀਆਂ ਦੀ ਸੂਝ ਅਤੇ ਵਿਸ਼ੇਸ਼ ਕਹਾਣੀਆਂ ਲਈ ਇੱਕ ਪਲੇਟਫਾਰਮ ਬਣਨ ਲਈ ਤਿਆਰ ਹੈ। ਮੈਂਡੀ ਤੱਖਰ ਨੇ ਕਿਹਾ,ਅਸੀਂ ਆਪਣੇ ਦਰਸ਼ਕਾਂ ਨੂੰ ਪੰਜਾਬੀ ਸਿਨੇਮਾ ਨੂੰ ਆਕਾਰ ਦੇਣ ਵਾਲੇ ਸਿਤਾਰਿਆਂ ਦੇ ਨੇੜੇ ਲਿਆਉਣ ਲਈ ਬਹੁਤ ਖੁਸ਼ ਹਾਂ। ਇਹ ਸ਼ੋਅ ਰਚਨਾਤਮਕਤਾ ਅਤੇ ਸਾਡੇ ਮਨਪਸੰਦ ਕਲਾਕਾਰਾਂ ਦੀਆਂ ਵਿਲੱਖਣ ਯਾਤਰਾਵਾਂ ਦਾ ਜਸ਼ਨ ਮਨਾਉਣ ਬਾਰੇ ਹੈ।

ਹਰ ਐਤਵਾਰ ਸ਼ਾਮ 7 ਵਜੇ ਜ਼ੀ ਪੰਜਾਬੀ ਤੇ ਮਨੋਰੰਜਨ, ਗਿਆਨ ਅਤੇ ਪ੍ਰੇਰਨਾ ਦੇਣ ਵਾਲੀਆਂ ਗੱਲਾਂਬਾਤਾਂ ਲਈ ਸਾਡੇ ਨਾਲ ਜੁੜੋ।

# ਮਹਾਰਿਸ਼ੀ ਦਯਾਨੰਦ ਦੇ ਜਨਮ ਦਿਵਸ ਮੌਕੇ ਇੱਕ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ

ਚੰਡੀਗੜ੍ਹ। (ਲੋਕ ਬਾਣੀ) ਕੇਂਦਰੀ ਆਰੀਆ ਸਭਾ ਦੀ ਅਗਵਾਈ ਹੇਠ ਅਤੇ ਮੁਖੀ ਰਵਿੰਦਰ ਤਲਵਾੜ ਦੀ ਅਗਵਾਈ ਹੇਠ, ਮਹਾਰਿਸ਼ੀ ਦਯਾਨੰਦ ਸਰਸਵਤੀ ਦੇ ਦੂਜੇ ਜਨਮ ਸ਼ਤਾਬਦੀ ਸਮਾਰੋਹ ਅਤੇ ਆਰੀਆ ਸਮਾਜ ਦੇ 150ਵੇਂ ਸਥਾਪਨਾ ਦਿਵਸ ਦਾ ਆਯੋਜਨ ਸੈਕਟਰ 7 ਸਥਿਤ ਆਰੀਆ ਸਮਾਜ ਵਿਖੇ ਬਹੁਤ ਧੂਮਧਾਮ ਨਾਲ ਕੀਤਾ ਗਿਆ। ਇਸ ਮੌਕੇ ਇੱਕ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਇਸ ਸ਼ੋਭਾ ਯਾਤਰਾ ਨੂੰ ਚੰਡੀਗੜ੍ਹ ਓਲੰਪਿਕ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਆਰੀਆ ਸਮਾਜ ਦੇ ਮਿਹਨਤੀ ਵਰਕਰ ਰਾਹੁਲ ਤਲਵਾਰ ਨੇ ਪ੍ਰਿੰਸੀਪਲ ਆਰਸੀ ਜੀਵਨ, ਬੀਸੀ ਜੋਸਨ, ਆਚਾਰੀਆ ਅੰਕਿਤ ਪ੍ਰਭਾਕਰ, ਯੋਗਰਾਜ ਚੌਧਰੀ, ਪ੍ਰਕਾਸ਼ ਚੰਦਰ ਸ਼ਰਮਾ ਅਤੇ ਡਾ. ਵਿਨੋਦ ਸ਼ਰਮਾ ਦੀ ਮੌਜੂਦਗੀ ਵਿੱਚ ਓਮ ਝੰਡਾ ਲਹਿਰਾ ਕੇ ਰਵਾਨਾ ਕੀਤਾ। ਇਹ ਸ਼ੋਭਾ ਯਾਤਰਾ ਆਰੀਆ ਸਮਾਜ ਸੈਕਟਰ 7 ਤੋਂ ਸ਼ੁਰੂ ਹੋਈ। ਇਸ ਵਿੱਚ ਚੰਡੀਗੜ੍ਹ, ਪੰਚਕੂਲਾ, ਮੋਹਾਲੀ, ਰੋਪੜ ਡੇਰਾਬੱਸੀ ਅਤੇ ਸੂਰਜਪੁਰ ਦੇ ਡੀਏਵੀ ਅਤੇ ਆਰੀਆ ਵਿਦਿਅਕ ਸੰਸਥਾਵਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਸ਼ੋਭਾ ਯਾਤਰਾ ਦੌਰਾਨ ਆਰੀਆ ਵਿਦਿਅਕ ਸੰਸਥਾਵਾਂ ਅਤੇ ਆਰੀਆ ਸਮਾਜਾਂ ਨੇ ਬਹੁਤ ਹੀ ਸੁੰਦਰ ਝਾਕੀਆਂ ਪੇਸ਼ ਕੀਤੀਆਂ। ਇਸ ਵਿੱਚ ਵੈਦਿਕ ਧਰਮ ਪ੍ਰਤੀ ਵਿਸ਼ਵਾਸ ਨੂੰ ਵਿਸ਼ੇਸ਼ ਤੌਰ ਤੇ ਦਰਸਾਇਆ ਗਿਆ ਸੀ। ਇਹ ਝਾਕੀਆਂ ਵਿਸ਼ੇਸ਼ ਤੌਰ ਤੇ ਸਵਾਮੀ ਦਯਾਨੰਦ, ਵੇਦ, ਯੱਗ, ਦੇਸ਼ ਭਗਤੀ, ਗੁਰੂ ਪਰੰਪਰਾ, ਆਯੁਰਵੇਦ, ਡੀਏਵੀ ਅਤੇ ਆਰੀਆ ਸਮਾਜ ਦੇ ਯੋਗਦਾਨ ਅਤੇ ਸਾਫ਼ ਵਾਤਾਵਰਣ ਤੇ ਕੇਂਦ੍ਰਿਤ ਸਨ। ਇਸ ਜਲੂਸ ਵਿੱਚ ਘੋੜਿਆਂ ਤੇ ਸਵਾਰ ਨੌਜਵਾਨ ਔਰਤਾਂ ਹੱਥਾਂ ਵਿੱਚ ਓਮ ਦਾ ਝੰਡਾ ਲੈ ਕੇ ਜੈ ਦੇ ਨਾਅਰੇ ਲਗਾਉਂਦੀਆਂ ਅੱਗੇ ਵਧ ਰਹੀਆਂ ਸਨ। ਇਹ ਸ਼ੋਭਾ ਯਾਤਰਾ ਆਰੀਆ ਸਮਾਜ, ਸੈਕਟਰ 7-ਬੀ, ਚੰਡੀਗੜ੍ਹ ਤੋਂ ਸ਼ੁਰੂ ਹੋਇਆ, ਸੈਕਟਰ 7 ਮਾਰਕੀਟ ਦੇ ਸਾਹਮਣੇ ਤੋਂ ਲੰਘਦਾ ਹੋਇਆ, ਪੈਟਰੋਲ ਪੰਪ ਤੋਂ ਖੱਬੇ ਮੁੜਦਾ ਹੋਇਆ, ਸੈਕਟਰ 7 ਅਤੇ 8 ਦੇ ਵਿਚਕਾਰਲੀ ਸੜਕ ਨੂੰ ਪਾਰ ਕਰਦਾ ਹੋਇਆ, ਸੈਕਟਰ 19 ਅਤੇ ਸੈਕਟਰ 18 ਦੇ ਵਿਚਕਾਰਲੀ ਸੜਕ ਤੇ ਸਿੱਧਾ ਜਾਂਦਾ ਹੋਇਆ, ਲਾਈਟ ਪੁਆਇੰਟ ਤੋਂ ਸੱਜੇ ਮੁੜਦਾ ਹੋਇਆ, ਸੈਕਟਰ 18 ਮਾਰਕੀਟ ਵਿੱਚੋਂ ਸਿੱਧਾ ਅਤੇ ਟੈਗੋਰ ਥੀਏਟਰ ਦੇ ਸਾਹਮਣੇ ਜਾਂਦਾ ਹੋਇਆ, ਸੈਕਟਰ 17 ਦੀ ਲਾਲ ਬੱਤੀ ਤੋਂ ਸੱਜੇ ਮੁੜਦਾ ਹੋਇਆ, ਨੀਲਮ ਥੀਏਟਰ ਦੇ ਪਿੱਛੇ ਲੰਘਦਾ ਹੋਇਆ, ਐਮਸੀ ਦਫਤਰ ਦੇ ਨਾਲ-ਨਾਲ ਮੁੜਦਾ ਹੋਇਆ, ਲਾਈਟ ਪੁਆਇੰਟ ਤੋਂ ਸੈਕਟਰ 16 ਵਿੱਚ ਦਾਖਲ ਹੁੰਦਾ ਹੋਇਆ, ਰੋਜ਼ ਗਾਰਡਨ ਅਤੇ ਸ਼ਾਂਤੀਕੁੰਜ ਦੇ ਵਿਚਕਾਰੋਂ ਲੰਘਦਾ ਹੋਇਆ, ਸਰਕਾਰੀ ਮਾਡਲ ਸਕੂਲ, ਸੈਕਟਰ 16 ਅਤੇ ਮਾਰਕੀਟ ਦੇ ਸਾਹਮਣੇ ਤੋਂ ਲੰਘਦਾ ਹੋਇਆ, ਸੈਕਟਰ 16 ਦੇ ਆਰੀਆ ਸਮਾਜ ਮੰਦਰ ਵਿਖੇ ਸਮਾਪਤ ਹੋਇਆ। ਆਰੀਆ ਸਮਾਜ-16 ਨੇ ਸਾਰੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਯਾਤਰਾ ਦੌਰਾਨ ਵੱਡੀ ਮਾਤਰਾ ਵਿੱਚ ਵੈਦਿਕ ਸਾਹਿਤ ਵੀ ਵੰਡਿਆ ਗਿਆ। ਪ੍ਰੋਗਰਾਮ ਦੀ ਸਮਾਪਤੀ ਤੋਂ ਪਹਿਲਾਂ, ਮਹਾਰਿਸ਼ੀ ਦਯਾਨੰਦ ਸਰਸਵਤੀ ਦੀ ਜੀਵਨੀ ਤੇ ਚਾਨਣਾ ਪਾਇਆ ਗਿਆ। ਕੇਂਦਰੀ ਆਰੀਆ ਸਭਾ ਮੰਤਰੀ ਯੋਗਰਾਜ ਚੌਧਰੀ ਨੇ ਹਾਜ਼ਰ



ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮਧੂ ਬਹਿਲ, ਜਸਕਿਰਨ, ਰੋਜ਼ੀ ਸ਼ਰਮਾ, ਅਨੁਜਾ ਸ਼ਰਮਾ, ਮਮਤਾ ਗੋਇਲ, ਉਪਾਸਨਾ ਸ਼ਰਮਾ, ਧਰਮਿੰਦਰ ਜੋਸ਼ੀ, ਜਯੋਤਿਕਾ ਆਹੂਜਾ, ਡਾ. ਵੀ.ਬੀ.ਟੀ. ਮਲਿਕ, ਸੁਰੇਸ਼ ਕੁਮਾਰ, ਅਸ਼ੋਕ ਆਰੀਆ, ਸੁਦਰਸ਼ਨ ਗਰਗ ਆਦਿ ਵੀ ਮੌਜੂਦ ਸਨ। ਪ੍ਰੋਗਰਾਮ ਦੌਰਾਨ ਸਕੂਲਾਂ ਅਤੇ ਕਾਲਜਾਂ ਦੇ ਪ੍ਰਿੰਸੀਪਲ ਅਤੇ ਅਧਿਆਪਕ ਵੀ ਮੌਜੂਦ ਸਨ। ਯਾਤਰਾ ਦੇ ਅੰਤ ਵਿੱਚ ਰਿਸ਼ੀ ਲੰਗਰ ਦਾ ਵੀ ਪ੍ਰਬੰਧ ਕੀਤਾ ਗਿਆ।

# ਬੀਆਈਐਸ ਅਜਨਾਲਾ ਬਲਾਕ, ਅੰਮ੍ਰਿਤਸਰ ਦੇ ਸਰਪੰਚਾਂ ਅਤੇ ਸਕੱਤਰਾਂ ਲਈ ਸੰਵੇਦਨਸ਼ੀਲਤਾ ਪ੍ਰੋਗਰਾਮ ਦਾ ਆਯੋਜਨ

ਅੰਮ੍ਰਿਤਸਰ, (ਲੋਕ ਬਾਣੀ) ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ (ਬੀਆਈਐਸ), ਜੰਮੂ ਅਤੇ ਕਸ਼ਮੀਰ ਸ਼ਾਖਾ ਦਫ਼ਤਰ (ਜੇਕੇਬੀਓ) ਨੇ ਅੰਮ੍ਰਿਤਸਰ ਜ਼ਿਲ੍ਹੇ ਦੇ ਅਜਨਾਲਾ ਬਲਾਕ ਦਫ਼ਤਰ ਵਿਖੇ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ, ਪੰਚਾਂ ਅਤੇ ਪੰਚਾਇਤ ਸਕੱਤਰਾਂ ਲਈ ਇੱਕ ਸੰਵੇਦਨਸ਼ੀਲਤਾ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ। ਇਹ ਪ੍ਰੋਗਰਾਮ ਡਾ. ਸੰਦੀਪ ਮਲਹੋਤਰਾ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ, ਅੰਮ੍ਰਿਤਸਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸ਼੍ਰੀ ਸੁਖਜੀਤ ਸਿੰਘ, ਬੀਡੀਪੀਓ, ਅਜਨਾਲਾ ਦੀ ਮੌਜੂਦਗੀ ਸੀ, ਜਿਨ੍ਹਾਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ।

ਇਸ ਪ੍ਰੋਗਰਾਮ ਦਾ ਉਦੇਸ਼ ਬੀਆਈਐਸ ਮਾਨਕੀਕਰਨ ਅਤੇ ਜ਼ਮੀਨੀ ਪੱਧਰ ਤੇ ਸ਼ਾਸਨ ਅਤੇ ਜਨਤਕ ਸੇਵਾ ਪ੍ਰਦਾਨ ਕਰਨ ਵਿੱਚ ਇਸਦੀ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਲਗਭਗ 50 ਪੰਚਾਇਤ ਪ੍ਰਤੀਨਿਧੀਆਂ ਨੇ ਸੈਸ਼ਨ ਵਿੱਚ ਸਰਗਰਮੀ ਨਾਲ ਹਿੱਸਾ ਲਿਆ, ਪੇਂਡੂ ਸ਼ਾਸਨ ਵਿੱਚ ਗੁਣਵੱਤਾ ਦੇ ਮਿਆਰਾਂ ਦੀ ਪਾਲਣਾ ਕਰਨ ਦੀ ਮਹੱਤਤਾ ਬਾਰੇ ਕੀਮਤੀ ਸਮਝ ਪ੍ਰਾਪਤ ਕੀਤੀ।

ਇਕੱਠ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਕਮਲਜੀਤ ਘਈ, ਸਰੋਤ ਵਿਅਕਤੀ, ਨੇ ਪੰਚਾਇਤਾਂ ਦੀ ਕੁਸ਼ਲਤਾ ਅਤੇ ਪ੍ਰਭਾਵਸ਼ੀਲਤਾ ਨੂੰ ਬਿਹਤਰ ਬਣਾਉਣ ਵਿੱਚ ਮਾਨਕੀਕਰਨ ਦੀ ਮਹੱਤਤਾ ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਕਿਵੇਂ ਬੀਆਈਐਸ ਮਿਆਰਾਂ ਨੂੰ ਅਪਣਾਉਣ ਨਾਲ ਪੇਂਡੂ ਬੁਨਿਆਦੀ ਢਾਂਚੇ ਵਿੱਚ ਵਾਧਾ ਹੋ ਸਕਦਾ ਹੈ, ਖਪਤਕਾਰਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕਦੀ ਹੈ ਅਤੇ ਪਿੰਡਾਂ ਦੇ ਸਮੁੱਚੇ ਵਿਕਾਸ ਵਿੱਚ ਯੋਗਦਾਨ ਪਾਇਆ ਜਾ ਸਕਦਾ ਹੈ।

ਸੈਸ਼ਨ ਦਾ ਤਾਲਮੇਲ ਸ਼੍ਰੀ ਆਸ਼ੀਸ਼ ਕੁਮਾਰ ਦਿਵੇਦੀ, ਸਟੈਂਡਰਡ ਪ੍ਰਮੋਸ਼ਨ ਅਫਸਰ, ਬੀਆਈਐਸ ਜੇਕੇਬੀਓ ਦੁਆਰਾ ਕੀਤਾ ਗਿਆ ਸੀ, ਜਿਨ੍ਹਾਂ ਨੇ ਭਾਗੀਦਾਰਾਂ ਨੂੰ ਬੀਆਈਐਸ ਕੇਅਰ ਐਪ ਪੇਸ਼ ਕੀਤਾ।

ਇਹ ਐਪ ਉਪਭੋਗਤਾਵਾਂ ਨੂੰ ਬੀਆਈਐਸ ਪ੍ਰਮਾਣਿਤ ਉਤਪਾਦਾਂ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਅਤੇ ਘਟੀਆ ਵਸਤੂਆਂ ਦੀ ਰਿਪੋਰਟ ਕਰਨ ਦੀ ਆਗਿਆ ਦਿੰਦੀ ਹੈ, ਜਿਸ ਨਾਲ ਖਪਤਕਾਰਾਂ ਦੇ ਅਧਿਕਾਰਾਂ ਨੂੰ ਮਜ਼ਬੂਤੀ ਮਿਲਦੀ ਹੈ ਅਤੇ ਗੁਣਵੱਤਾ ਭਰੋਸਾ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ।



ਇਸ ਪਹਿਲਕਦਮੀ ਨੂੰ ਭਾਗੀਦਾਰਾਂ ਵੱਲੋਂ ਭਾਰੀ ਪ੍ਰਸ਼ੰਸਾ ਮਿਲੀ, ਜਿਨ੍ਹਾਂ ਨੇ ਸਥਾਨਕ ਸ਼ਾਸਨ ਵਿੱਚ ਗੁਣਵੱਤਾ ਦੇ ਮਿਆਰਾਂ ਨੂੰ ਏਕੀਕ੍ਰਿਤ ਕਰਨ ਦੀ ਮਹੱਤਤਾ ਨੂੰ ਸਵੀਕਾਰ ਕੀਤਾ। ਇਹ ਪ੍ਰੋਗਰਾਮ ਪੇਂਡੂ ਪ੍ਰਤੀਨਿਧੀਆਂ ਨੂੰ ਟਿਕਾਊ ਵਿਕਾਸ ਨੂੰ ਅੱਗੇ ਵਧਾਉਣ ਅਤੇ ਉਨ੍ਹਾਂ ਦੇ ਭਾਈਚਾਰਿਆਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਗਿਆਨ ਨਾਲ ਸਸ਼ਕਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਦਰਸਾਉਂਦਾ ਹੈ।

==--

# ਆਸ਼ਾ ਕਿਰਨ ਸਕੂਲ ਵਿੱਚ ਰਿਜਨਲ ਕੈਂਪਸ ਦੇ ਵਿਦਿਆਰਥੀਆਂ ਨੇ ਕੈਂਪ ਲਗਾਇਆ



ਹੁਸ਼ਿਆਰਪੁਰ (ਲੋਕ ਬਾਣੀ) ਜੇ.ਐੱਸ.ਐੱਸ.ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾ ਵਿਖੇ ਪੰਜਾਬ ਯੂਨੀਵਰਸਿਟੀ ਦੇ ਸਵਾਮੀ ਸਰਵਾਨੰਦ ਗਿਰੀ ਰਿਜਨਲ ਸੈਂਟਰ ਊਨਾ ਰੋਡ ਦੇ ਐੱਨ.ਐੱਸ.ਐੱਸ.ਦੇ ਵਿਦਿਆਰਥੀਆਂ ਵੱਲੋਂ ਕੈਂਪ ਲਗਾਇਆ ਗਿਆ, ਇਸ ਦੌਰਾਨ ਸਪੈਸ਼ਲ ਬੱਚਿਆਂ ਦੇ ਨਾਲ ਵੱਖ-ਵੱਖ ਤਰ੍ਹਾਂ ਦੀਆਂ ਖੇਡ ਗਤੀਵਿਧੀਆਂ ਵਿੱਚ ਹਿੱਸਾ ਲਿਆ ਗਿਆ, ਇਸ ਕੈਂਪ ਦਾ ਸਲੋਗਨ ਯੂਥ ਫਾਰ ਮਾਈ ਭਾਰਤ ਤੇ ਯੂਥ ਫਾਰ ਡਿਜੀਟਲ ਲਿਟਰੇਸੀ ਰੱਖਿਆ ਗਿਆ ਸੀ। ਰਿਜਨਲ ਕੈਂਪਸ ਵਿੱਚੋ ਵੱਖ-ਵੱਖ ਵਿਭਾਗਾਂ ਵਿੱਚ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀ ਸਕੂਲ ਵਿੱਚ ਪੁੱਜੇ। ਇਸ ਕੈਂਪ ਦੌਰਾਨ ਸਕੂਲ ਦੀ ਵਾਈਸ ਪ੍ਰਿੰਸੀਪਲ ਇੰਦੂ ਬਾਲਾ ਤੇ ਖੇਡ ਟੀਚਰ ਅੰਜਨਾ, ਗੁਰਪ੍ਰਸਾਦ ਵੱਲੋਂ ਵੀ ਖੇਡ ਗਤੀਵਿਧੀਆਂ ਵਿੱਚ ਭਾਗ ਲਿਆ ਗਿਆ। ਇਸ ਮੌਕੇ ਡਾ. ਗੌਰਵ ਸੈਣੀ, ਡਾ. ਮੀਨਾ ਸ਼ਰਮਾ, ਡਾ. ਬਲਵਿੰਦਰ ਸਿੰਘ, ਡਾ. ਸਤੀਸ਼ ਕੁਮਾਰ, ਡਾ. ਕਾਮਿਆ ਰਾਣੀ, ਨੀਨਾ, ਗੁਰਵਿੰਦਰ ਸਿੰਘ, ਵਿਨੇ ਅਰੋੜਾ, ਕਰਨਲ ਗੁਰਮੀਤ ਸਿੰਘ, ਪ੍ਰਿੰਸੀਪਲ ਸ਼ੈਲੀ ਸ਼ਰਮਾ, ਹਰਬੰਸ ਸਿੰਘ, ਰਾਮ ਆਸਰਾ ਆਦਿ ਵੀ ਮੌਜੂਦ ਰਹੇ।

# ਮਨੁੱਖੀ ਅਧਿਕਾਰਾਂ ਨੂੰ ਛਿੱਕੇ ਟੰਗ ਕੇ ਅਮਰੀਕਾ ਨੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕੀਤੀ : ਡਾ ਬੱਗਾ

ਹੁਸ਼ਿਆਰਪੁਰ,(ਲੋਕ ਬਾਣੀ) ਸਮਾਜਿਕ ਜਾਗਰੂਕਤਾ ਲਈ ਕੰਮ ਕਰਨ ਵਾਲੀ ਸੰਸਥਾ 'ਸਵੇਰਾ' ਨੇ ਅਮਰੀਕਾ ਵਿੱਚ ਗੈਰਕਾਨੂੰਨੀ ਢੰਗ ਨਾਲ ਰਹਿ ਰਹੇ ਭਾਰਤੀਆਂ ਨੂੰ ਹੱਥਕੜੀਆਂ ਅਤੇ ਜ਼ਬਰਦਸਤੀ ਵਾਪਸ ਭੇਜਣ ਨੂੰ 'ਮਨੁੱਖੀ ਅਧਿਕਾਰਾਂ ਦੀ ਉਲੰਘਣਾ' ਕਰਾਰ ਦਿੱਤਾ ਹੈ। ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਮਨੁੱਖੀ ਅਧਿਕਾਰਾਂ ਦਾ ਝੰਡਾਬਰਦਾਰ ਅਮਰੀਕਾ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਕਰ ਰਿਹਾ ਹੈ। ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਦਾ ਬਿਆਨ ਬਹੁਤ ਹੀ ਨਿੰਦਣਯੋਗ ਹੈ ਜਿਸ ਵਿੱਚ ਉਨ੍ਹਾਂ ਕਿਹਾ ਕਿ ਗੈਰ-ਕਾਨੂੰਨੀ ਢੰਗ ਨਾਲ ਅਮਰੀਕਾ ਗਏ ਲੋਕਾਂ ਨੂੰ ਪਹਿਲਾਂ ਵੀ ਵਾਪਸ ਭੇਜ ਦਿੱਤਾ ਗਿਆ ਹੈ ਅਤੇ ਇਸ ਵਿੱਚ ਕੋਈ ਨਵੀਂ ਗੱਲ ਨਹੀਂ ਹੈ। ਇਸ ਤੋਂ ਪਹਿਲਾਂ ਵੀ ਗੈਰ-ਕਾਨੂੰਨੀ ਢੰਗ ਨਾਲ ਰਹਿ ਰਹੇ ਭਾਰਤੀਆਂ ਨੂੰ ਬਿਨਾਂ ਹੱਥਕੜੀ ਦੇ ਚਾਰਟਰਡ ਜਹਾਜ਼ ਰਾਹੀਂ ਭਾਰਤ ਵਾਪਸ ਭੇਜਿਆ ਜਾਂਦਾ ਸੀ। ਪਰ ਇਸ ਵਾਰ ਅਜਿਹਾ ਕਿਉਂ ਨਹੀਂ ਕੀਤਾ ਗਿਆ? ਇਸ ਬਾਰੇ ਵਿਦੇਸ਼ ਮੰਤਰੀ ਨੂੰ ਸੂਚਿਤ ਕੀਤਾ ਜਾਣਾ ਚਾਹੀਦਾ ਹੈ। ਸਮਾਜ ਸੇਵੀ ਅਤੇ ਸਵੇਰਾ ਦੇ ਕਨਵੀਨਰ ਡਾ: ਅਜੇ ਬੱਗਾ ਨੇ ਕਿਹਾ ਕਿ ਅੰਮ੍ਰਿਤਸਰ ਚ ਜਹਾਜ਼ ਨੂੰ ਜਾਣਬੁੱਝ ਕੇ ਉਤਾਰ ਕੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਜ਼ਲੀਲ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ਤਾਂ ਜੋ ਪੰਜਾਬੀਆਂ ਨੂੰ ਦੁਨੀਆ ਭਰ ਚ ਬਦਨਾਮ ਕੀਤਾ ਜਾ ਸਕੇ। 33-33 ਵਿਅਕਤੀਆਂ ਦੇ ਗੁਜਰਾਤ ਅਤੇ ਹਰਿਆਣਾ ਦੇ ਹੋਣ ਦੇ ਬਾਵਜੂਦ ਗੁਜਰਾਤ ਅਤੇ ਦਿੱਲੀ ਵਿੱਚ ਜਹਾਜ਼ ਨਾ ਉਤਾਰਨਾ ਪੰਜਾਬੀਆਂ ਨੂੰ ਬਦਨਾਮ ਕਰਨ ਦੀ ਸਾਜ਼ਿਸ਼ ਹੈ। ਡਾ: ਬੱਗਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਹੈ ਕਿ ਗੈਰ-ਕਾਨੂੰਨੀ ਤੌਰ ਤੇ ਅਮਰੀਕਾ ਚ ਰਹਿ ਰਹੇ ਭਾਰਤੀਆਂ ਨੂੰ ਸਨਮਾਨ ਨਾਲ ਵਾਪਸ ਲਿਆਉਣ ਲਈ ਯਤਨ ਕੀਤੇ ਜਾਣ। ਉਨ੍ਹਾਂ ਨੇ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਲੱਖਾਂ ਰੁਪਏ ਬਰਬਾਦ ਕਰਨ ਅਤੇ ਗੈਰ-ਕਾਨੂੰਨੀ ਢੰਗ ਨਾਲ ਵਿਦੇਸ਼ ਜਾਣ ਦੀ ਕੋਸ਼ਿਸ਼ ਨਾ ਕਰਨ। ਉਨ੍ਹਾਂ ਨੌਜਵਾਨਾਂ ਨੂੰ ਤਕਨੀਕੀ ਸਿੱਖਿਆ ਹਾਸਲ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਹੁਨਰਮੰਦ ਵਿਅਕਤੀ ਦੇਸ਼ ਵਿੱਚ ਵੀ ਚੰਗਾ ਰੁਜ਼ਗਾਰ ਹਾਸਲ ਕਰ ਸਕਦਾ ਹੈ। ਡਾ: ਬੱਗਾ ਨੇ ਸਮਾਜਿਕ ਸੰਸਥਾਵਾਂ, ਧਾਰਮਿਕ ਸੰਸਥਾਵਾਂ ਅਤੇ ਰਾਜਨੀਤਿਕ ਪਾਰਟੀਆਂ ਦੇ ਮੈਂਬਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਅਮਰੀਕਾ ਵੱਲੋਂ ਭੇਜੇ ਗਏ ਭਾਰਤੀ ਨੌਜਵਾਨਾਂ ਨਾਲ ਪਿਆਰ ਅਤੇ ਸਤਿਕਾਰ ਨਾਲ ਪੇਸ਼ ਆਉਣ ਅਤੇ ਉਨ੍ਹਾਂ ਦੇ ਘਰ ਜਾ ਕੇ ਉਨ੍ਹਾਂ ਦਾ ਮਨੋਬਲ ਵਧਾਉਣ ਦਾ ਯਤਨ ਕਰਨ।













